ਰੋਜਾਨਾ ਲੋਕ ਬਾਣੀ
ਨੂੰ ਪੱਤਰਕਾਰਾਂ ਦੀ
ਲੋੜ
99155-94111

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ਨਿਵਾਰ, 11 ਜੂਨ 2022 ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

ਇਸ਼ਤਿਹਾਰ ਲਵਾਓ
ਵਪਾਰ ਵਧਾਓ
ਰੋਜਾਨਾ ਲੋਕ
ਬਾਣੀ
ਅਖਬਾਰ ਵਿਚ
ਸੰਪਰਕ ਕਰੋ
0181-2211009
Newslokbani@gmail.com

R.N.I. Punpun/29016/2008 ✲ ਸਾਲ : 14 ✲ ਅੰਕ : 449 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111

## ਯੂਕ੍ਰੇਨ ਦੀ ਮਦਦ ਲਈ ਪੱਛਮੀ ਦੇਸ਼ਾਂ ਦਾ ਸੰਕਲਪ ਹੋਵੇਗਾ ਕਮਜ਼ੋਰ

**ਕੀਵ/ਲੋਕ ਬਾਣੀ**

ਯੂਕ੍ਰੇਨ 'ਤੇ ਰੂਸ ਦੇ ਹਮਲੇ ਨੂੰ ਤਿੰਨ ਮਹੀਨੇ ਤੋਂ ਜਿਆਦਾ ਸਮਾਂ ਹੋਣ ਦਰਮਿਆਨ ਕੀਵ 'ਚ ਅਧਿਕਾਰੀਆਂ ਨੇ ਖਦਸ਼ਾ ਜਾਹਰ ਕੀਤਾ ਹੈ ਕਿ ਜੰਗ ਜਾਰੀ ਰਹਿਣ ਨਾਲ ਪੱਛਮੀ ਦੇਸ਼ਾਂ ਦਾ ਯੂਕ੍ਰੇਨ ਦੀ ਮਦਦ ਲਈ ਲਿਆ ਗਿਆ ਸੰਕਲਪ ਕਮਜੋਰ ਹੋ ਸਕਦਾ ਹੈ। ਅਮਰੀਕਾ ਅਤੇ ਉਸ ਦੇ ਸਹਿਯੋਗੀ ਦੇਸ਼ਾਂ ਨੇ ਹੁਣ ਤੱਕ ਯੂਕ੍ਰੇਨ ਨੂੰ ਅਰਬਾਂ ਡਾਲਰ ਦੇ ਹਥਿਆਰ ਦਿੱਤੇ ਹਨ। ਉਥੇ, ਜੰਗ ਕਾਰਨ ਯੂਕ੍ਰੇਨ ਛੱਡ ਕੇ ਯੂਰਪ ਦੇ ਵੱਖ-ਵੱਖ ਦੇਸ਼ਾਂ 'ਚ ਲੱਖਾਂ ਲੋਕਾਂ ਨੇ ਸ਼ਰਨ ਲਈ ਹੈ। ਵੱਖ-ਵੱਖ ਦੇਸ਼ਾਂ ਨੇ ਏਕਤਾ ਦਿਖਾਉਂਦੇ ਹੋਏ ਰੂਸ ਅਤੇ ਇਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਵਿਰੁੱਧ ਕਈ ਤਰ੍ਹਾਂ ਦੀਆਂ ਪਾਬੰਦੀਆਂ ਲਾਈਆਂ ਹਨ। ਮਾਹਿਰਾਂ ਨੇ ਖਦਸ਼ਾ ਜਤਾਇਆ ਹੈ ਕਿ 24 ਫਰਵਰੀ ਨੂੰ ਰੂਸ ਦੇ ਹਮਲੇ ਤੋਂ ਬਾਅਦ ਸ਼ੁਰੂ ਹੋਈ ਜੰਗ ਜਿਨ੍ਹਾਂ ਅਗੇ ਵਧੇਗੀ, ਰੂਸ ਇਸ ਦਾ ਫਾਇਦਾ ਚੁੱਕ ਕੇ ਯੂਕ੍ਰੇਨ 'ਤੇ ਸਮਝੌਤੇ ਲਈ ਦਬਾਅ ਬਣਾ ਸਕਦਾ ਹੈ।



## ਪਾਕਿਸਤਾਨੀ ਸਾਂਸਦ ਆਮਿਰ ਲਿਆਕਤ ਦੀ ਸ਼ੱਕੀ ਹਾਲਤ 'ਚ ਮੌਤ



ਆਮਿਰ ਲਿਆਕਤ ਹੁਸੈਨ ਮਾਰਚ 2018 ਵਿੱਚ ਇਮਰਾਨ ਖਾਨ ਦੀ ਪਾਕਿਸਤਾਨ ਤਹਿਰੀਕ ਇੰਸਾਫ ਪਾਰਟੀ ਵਿੱਚ ਸ਼ਾਮਲ ਹੋਏ ਸਨ ਅਤੇ ਕਰਾਚੀ ਤੋਂ ਚੋਣ ਜਿੱਤੇ ਸਨ। ਹਾਲਾਂਕਿ ਬਾਅਦ 'ਚ ਉਨ੍ਹਾਂ ਨੇ ਅਸਤੀਫਾ ਦੇ ਦਿੱਤਾ ਸੀ। ਇਸ ਤੋਂ ਪਹਿਲਾਂ ਉਹ ਮੁਤਾਹਿਦਾ ਕੌਮੀ ਮੂਵਮੈਂਟ ਦੇ ਵੱਡੇ ਨੇਤਾ ਸਨ ਪਰ ਸਾਲ 2016 ਵਿੱਚ ਉਨ੍ਹਾਂ ਨੇ ਪਾਰਟੀ ਛੱਡ ਦਿੱਤੀ ਸੀ। ਉਹ ਪਰਵੇਜ ਮੁਸੱਰਫ ਦੀ ਸਰਕਾਰ ਵਿੱਚ ਮੰਤਰੀ ਵੀ ਰਹਿ ਚੁੱਕੇ ਹਨ। ਆਮਿਰ ਲਿਆਕਤ ਹੁਸੈਨ ਦੇ ਟੀਵੀ ਸ਼ੋਅ ਬਹੁਤ ਮਸਹੂਰ ਹੋਏ ਸਨ। ਉਹ ਲੰਬੇ ਸਮੇਂ ਤੋਂ ਮੀਡੀਆ ਇੰਡਸਟਰੀ ਨਾਲ ਜੁੜੇ ਹੋਏ ਸਨ।

## ਪੈਗੰਬਰ ਮੁਹੰਮਦ ਟਿਪਣੀ ਵਿਵਾਦ ਹੁਣ ਸ੍ਰੀਨਗਰ ਪੁੱਜਾ



ਸ਼੍ਰੀਨਗਰ ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ-ਕਸ਼ਮੀਰ ਦੇ ਸ਼੍ਰੀਨਗਰ 'ਚ ਭਾਜਪਾ ਦੇ ਦੋ ਬੁਲਾਰਿਆਂ ਵਲੋਂ ਪੈਗੰਬਰ ਮੁਹੰਮਦ ਖਿਲਾਫ ਇਤਰਾਜਯੋਗ ਟਿਪਣੀਆਂ ਦੇ ਵਿਰੋਧ 'ਚ ਸ਼ੁੱਕਰਵਾਰ ਨੂੰ ਬੰਦ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਟਿਪਣੀਆਂ ਨਾਲ ਇਸਲਾਮੀ ਜਗਤ 'ਚ ਗੁੱਸੇ ਦੀ ਲਹਿਰ ਹੈ। ਅਧਿਕਾਰੀਆਂ ਅਤੇ ਪ੍ਰਦਰਸ਼ਨਕਾਰੀਆਂ ਨੇ ਦੱਸਿਆ ਕਿ ਸ਼੍ਰੀਨਗਰ ਦੇ ਸਿਟੀ ਸੈਂਟਰ ਅਤੇ ਪੁਰਾਣੇ ਸ਼ਹਿਰ 'ਚ ਦੁਕਾਨਾਂ ਬੰਦ ਰਹੀਆਂ। ਕੁਝ ਦੋਪਹੀਆ ਵਾਹਨਾਂ ਤੋਂ ਇਲਾਵਾ ਕੁਝ ਕੈਬ ਅਤੇ ਆਟੋ ਰਿਕਸ਼ਾ ਮੁੱਖ ਸਿਵਲ ਲਾਇੰਸ ਖੇਤਰ ਅਤੇ ਬਾਹਰੀ ਇਲਾਕਿਆਂ ਅਤੇ ਹੋਰ ਸੜਕਾਂ 'ਤੇ ਚੱਲੇ। ਸੜਕਾਂ 'ਤੇ ਹਲਚਲ ਨਾਮਾਤਰ ਸੀ। ਇਸ ਇਲਾਕੇ 'ਚ ਹਾਲਾਂਕਿ ਕਿਸੇ ਵੀ ਸਮੂਹ ਨੇ ਅੱਜ ਬੰਦ ਦੀ ਅਪੀਲ ਨਹੀਂ ਕੀਤੀ। ਇਤਿਹਾਸਿਕ ਜਾਮਾ ਮਸਜਿਦ ਦੀ ਪ੍ਰਬੰਧਕੀ ਸੰਸਥਾ ਦੇ ਅਨੁਸਾਰ ਅਧਿਕਾਰੀਆਂ ਨੇ ਮਸਜਿਦ 'ਚ ਜੁਮੇ ਦੀ ਨਮਾਜ ਦੀ ਮਨਜੂਰੀ ਨਾ ਦੇਣ ਦਾ ਫੈਸਲਾ ਕੀਤਾ।

## ਭਾਰਤ-ਬੰਗਲਾਦੇਸ਼ ਵਿਚਕਾਰ ਬੱਸ ਸੇਵਾ ਮੁੜ ਸ਼ੁਰੂ



**ਕੋਲਕਾਤਾ/ਢਾਕਾ/ਲੋਕ ਬਾਣੀ:-** ਬੰਗਲਾਦੇਸ ਅਤੇ ਭਾਰਤ ਵਿਚਕਾਰ ਯਾਤਰੀ ਬੱਸ ਸੇਵਾ 2 ਸਾਲਾਂ ਬਾਅਦ ਸੁੱਕਰਵਾਰ ਨੂੰ ਬਹਾਲ ਹੋ ਗਈ। ਢਾਕਾ ਤੋਂ ਕੋਲਕਾਤਾ ਲਈ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਨ੍ਹਾਂ ਦੋਹਾਂ ਦੇਸਾਂ ਵਿਚਾਲੇ ਬੱਸ ਸੇਵਾਵਾਂ ਆਖਾਊੜਾ ਤੋਂ ਅਗਰਤਲਾ ਅਤੇ ਬੇਨਾਪੋਲ ਤੋਂ ਹਰਿਦਾਸਪੁਰ ਤੱਕ ਚੱਲਣਗੀਆਂ। ਇਸ ਤੋਂ ਪਹਿਲਾਂ 29 ਮਈ ਨੂੰ ਦੋਹਾਂ ਦੇਸਾਂ ਵਿਚਾਲੇ ਯਾਤਰੀ ਰੇਲ ਸੇਵਾ ਵੀ ਸੁਰੂ ਕੀਤੀ ਗਈ ਸੀ। ਇਸ ਦਿਨ ਢਾਕਾ-ਕੋਲਕਾਤਾ ਦਰਮਿਆਨ ਮੈਤਰੀ ਐਕਸਪ੍ਰੈੱਸ ਅਤੇ ਕੋਲਕਾਤਾ-ਖੁਲਨਾ ਵਿਚਕਾਰ ਬੰਧਨ ਐਕਸਪ੍ਰੈੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।

## ਦੱਖਣੀ ਅਫਰੀਕਾ 'ਚ ਹਾਦਸੇ ਦੌਰਾਨ 15 ਲੋਕਾਂ ਦੀ ਮੌਤ

**ਜੋਹਾਨਸਬਰਗ/ਲੋਕ ਬਾਣੀ:-** ਦੱਖਣੀ ਅਫਰੀਕਾ ਦੇ ਉੱਤਰੀ ਤਸਵਾਨੇ ਦੇ ਪੈਟ੍ਰਿਸੋਏਕ ਵਿੱਚ ਸ਼ਹਿਰੀ ਰਸਤੇ 17 'ਤੇ ਇੱਕ ਬੱਸ ਦੀ ਇੱਕ ਟਰੱਕ ਨਾਲ ਭਿਆਨਕ ਟੱਕਰ ਹੋ ਗਈ। ਇਸ ਹਾਦਸੇ ਵਿਚ ਘੱਟੋ-ਘੱਟ 15 ਲੋਕਾਂ ਦੀ ਮੌਤ ਹੋ ਗਈ। ਇਹ ਜਾਣਕਾਰੀ ਇੱਥੋਂ ਦੀ ਐਮਰਜੈਂਸੀ ਸੇਵਾਵਾਂ ਦੇ ਬੁਲਾਰੇ ਥਾਬੋ ਚਾਰਲਸ ਮਬਾਸੋ ਨੇ ਦਿੱਤੀ। ਇਹ ਹਾਦਸਾ ਸੁੱਕਰਵਾਰ ਤੜਕੇ ਵਾਪਰਿਆ। ਮਬਾਸੋ ਨੇ ਕਿਹਾ ਕਿ ਮੌਕੇ 'ਤੇ ਪਹੁੰਚੀਆਂ ਐਮਰਜੈਂਸੀ ਸੇਵਾਵਾਂ ਨੇ ਪਾਇਆ ਕਿ ਇੱਕ ਬੱਸ ਅਤੇ ਇੱਕ ਟਰੱਕ ਵਿਚਕਾਰ ਆਹਮੋ-ਸਾਹਮਣੇ ਦੀ ਟੱਕਰ ਹੋ ਗਈ ਹੈ, ਜਿਸ ਵਿੱਚ ਕੁਝ ਜਖਮੀ ਨੇੜੇ ਹੀ ਪਏ ਸਨ ਅਤੇ ਕੁਝ ਦੋਵੇਂ ਵਾਹਨਾਂ ਦੇ ਅੰਦਰ ਫਸੇ ਹੋਏ ਸਨ। ਮਬਾਸੋ ਨੇ ਦੱਸਿਆ ਕਿ 15 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂ ਕਿ 37 ਨੂੰ ਪ੍ਰੀਟੋਰੀਓ ਸਹਿਰ ਦੇ ਵੱਖ-ਵੱਖ ਹਸਪਤਾਲਾਂ ਵਿੱਚ ਲਿਜਾਇਆ ਗਿਆ। ਇਸ 'ਚ 7 ਲੋਕ ਗੰਭੀਰ ਜਖਮੀ ਹਨ, ਜਿਸ ਕਾਰਨ ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ।



## ਸੁਰੱਖਿਆ ਫੋਰਸਾਂ ਨੇ 2 ਅੱਤਵਾਦੀ ਕੀਤੇ ਗ੍ਰਿਫਤਾਰ



**ਸ਼੍ਰੀਨਗਰ/ਲੋਕ ਬਾਣੀ**

ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ ਕਸ਼ਮੀਰ ਦੇ ਸੋਪੋਰ 'ਚ ਸੁਰੱਖਿਆ ਫੋਰਸਾਂ ਨੇ ਵੀਰਵਾਰ ਸ਼ਾਮ 2 ਹਾਈਬ੍ਰਿਡ ਅੱਤਵਾਦੀਆਂ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਕਿਹਾ ਕਿ ਪਿੰਜੁਰਾ ਸ਼ੋਪੀਆ ਦੇ ਫੈਜਾਨ ਅਹਿਮਦ ਪਾਲ ਅਤੇ ਅਰਿਹਾਲ ਪੁਲਵਾਮਾ ਦੇ ਮੁਜਮਿਲ ਰਾਸ਼ਿਦ ਮੀਰ ਨੂੰ ਗੁਰਸੀਰ 'ਚ ਫੌਜ ਅਤੇ ਪੁਲਸ ਨੇ ਸੰਯੁਕਤ ਸੁਰੱਖਿਆ ਜਾਂਚ ਚੌਕੀ 'ਤੇ ਗ੍ਰਿਫਤਾਰ ਕੀਤਾ ਗਿਆ। ਪੁਲਸ ਨੇ ਕਿਹਾ ਕਿ ਦੋਵੇਂ ਬਾਹਰੀ ਮਜਦੂਰਾਂ ਸਮੇਤ ਸੁਰੱਖਿਆ ਫੋਰਸਾਂ ਅਤੇ ਨਾਗਰਿਕਾਂ 'ਤੇ ਹਮਲੇ ਕਰਨ ਲਈ ਲਗਾਤਾਰ ਮੌਕੇ ਦੀ ਭਾਲ 'ਚ ਸਨ। ਪੁਲਸ ਨੇ ਕਿਹਾ ਕਿ ਸ਼ੁਰੂਆਤੀ ਜਾਂਚ 'ਚ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਨੂੰ ਪਾਬੰਦੀਸ਼ੁਦਾ ਸੰਗਠਨ ਲਸ਼ਕਰ-ਏ-ਤੋਇਬਾ ਦੇ ਦਿ ਰੇਸਿਸਟੈਂਟ ਫਰੰਟ ਦੇ 'ਹਾਈਬ੍ਰਿਡ' ਅੱਤਵਾਦੀ ਵਜੋਂ ਚਿੰਨ੍ਹਿਤ ਕੀਤਾ ਗਿਆ ਹੈ।

## ਕਾਂਗਰਸ ਨੇ ਰਾਜਸਥਾਨ 'ਚ ਤਿੰਨ ਤੇ ਭਾਜਪਾ ਨੇ ਇਕ ਸੀਟ ਜਿੱਤੀ



**ਚੰਡੀਗੜ੍ਹ/ਲੋਕ ਬਾਣੀ:-** ਰਾਜਸਥਾਨ ਵਿੱਚ ਸੱਤਾਧਾਰੀ ਕਾਂਗਰਸ ਪਾਰਟੀ ਨੇ ਰਾਜ ਸਭਾ ਦੀਆਂ ਚਾਰ ਸੀਟਾਂ ਵਿੱਚੋਂ ਤਿੰਨ ਸੀਟਾਂ ਜਿੱਤ ਲਈਆਂ ਹਨ ਤੇ ਭਾਜਪਾ ਦੇ ਸਮਰਥਨ ਵਾਲਾ ਆਜਾਦ ਉਮੀਦਵਾਰ ਸੁਭਾਸ਼ ਚੰਦਰ ਚੋਣ ਹਾਰ ਗਏ ਹਨ। ਕਾਂਗਰਸ ਨੇ ਇਸ ਉਮੀਦਵਾਰ ਵੱਲੋਂ ਦਿੱਤੀ ਗਈ ਚੁਣੌਤੀ ਨੂੰ ਪਾਰ ਕਰ ਲਿਆ ਹੈ। ਕਾਂਗਰਸੀ ਉਮੀਦਵਾਰ ਰਣਦੀਪ ਸੁਰਜੇਵਾਲਾ, ਮੁਕੁਲ ਵਾਸਨੀਕ ਤੇ ਪ੍ਰਮੋਦ ਤਿਵਾੜੀ ਰਾਜ ਸਭਾ ਮੈਂਬਰਾਂ ਵਜੋਂ ਚੁਣੇ ਗਏ ਹਨ। ਇਹ ਜਾਣਕਾਰੀ ਰਾਜਸਥਾਨ ਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ ਨੇ ਸੋਸ਼ਲ ਮੀਡੀਆ 'ਤੇ ਟਵੀਟ ਕਰ ਕੇ ਦਿੱਤੀ ਹੈ। ਇਸੇ ਦੌਰਾਨ ਭਾਜਪਾ ਉਮੀਦਵਾਰ ਤੇ ਸਾਬਕਾ ਮੰਤਰੀ ਗਣਸ਼ਿਆਮ ਤਿਵਾੜੀ ਨੇ ਚੋਣ ਜਿੱਤ ਲਈ ਹੈ ਤੇ ਉਸ ਰਾਜ ਸਭਾ ਮੈਂਬਰ ਚੁਣੇ ਗਏ ਹਨ। ਉਨ੍ਹਾਂ ਨੂੰ 43 ਵੋਟਾਂ ਪਈਆਂ।

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਦਵਿੰਦਰ ਬੰਬੀਹਾ ਗਰੁੱਪ ਦੇ 2 ਸਾਥੀ ਚੜ੍ਹੇ ਪੁਲਸ ਦੇ ਹੱਥੇ



**ਫਰੀਦਕੋਟ/ਲੋਕ ਬਾਣੀ**

ਪਿਛਲੇ ਕੁਝ ਸਮੇਂ ਤੋਂ ਪੰਜਾਬ 'ਚ ਕਈ ਗੈਂਗਸਟਰਾਂ ਦੇ ਗਰੁੱਪਾਂ ਵੱਲੋਂ ਆਪਣੇ ਮੈਂਬਰਾਂ ਰਾਹੀਂ ਵਿਦੇਸੀ ਨੰਬਰਾਂ ਤੋਂ ਫੋਨ ਕਰਕੇ ਫਰਮਾਂ ਦੇ ਮਾਲਕਾਂ ਅਤੇ ਉਦਯੋਗਪਤੀਆਂ ਨੂੰ ਜਾਨ-ਮਾਲ ਦਾ ਡਰ ਪਾ ਕੇ ਉਨ੍ਹਾਂ ਤੋਂ ਫਿਰੌਤੀ ਦੀ ਮੰਗ ਕੀਤੀ ਜਾਂਦੀ ਰਹੀ ਹੈ। ਇਸੇ ਤਰ੍ਹਾਂ ਦਵਿੰਦਰ ਬੰਬੀਹਾ ਗਰੁੱਪ ਦੇ 2 ਸਰਗਣਿਆਂ ਵੱਲੋਂ ਵੀ ਸੁਖਦੇਵ ਸਿੰਘ ਉਰਫ ਭੋਲਾ ਮਾਲਕ ਭੋਲਾ ਜਿਊਲਰਜ ਬਾਜਾਖਾਨਾ ਨੂੰ ਉਸ ਦੇ ਮੋਬਾਇਲ 'ਤੇ ਦਵਿੰਦਰ ਬੰਬੀਹਾ ਗਰੁੱਪ ਦੇ ਨਾਂ 'ਤੇ ਵਟਸਐਪ ਕਾਲ ਕਰਕੇ ਜਾਨੋਂ ਮਾਰ ਦੇਣ ਦੀ ਧਮਕੀ ਦੇ ਕੇ 5 ਲੱਖ ਰੁਪਏ ਫਿਰੌਤੀ ਦੀ ਮੰਗ ਕੀਤੀ ਗਈ। ਇਸ ਸਬੰਧੀ ਤੁਰੰਤ ਹਰਕਤ 'ਚ ਆਉਂਦਿਆਂ ਸੀ.ਆਈ.ਏ. ਸਟਾਫ ਜੈਤੋ ਵੱਲੋਂ ਟੈਕਨੀਕਲ ਸੈੱਲ ਦੀ ਮਦਦ ਨਾਲ ਸੁਖਚੈਨ ਸਿੰਘ ਉਰਫ ਸੁੱਖਾ ਪੁੱਤਰ ਬਲਦੇਵ ਸਿੰਘ ਵਾਸੀ ਮਲੂਕਾ ਹਾਲ ਆਬਾਦ ਬਾਜਾਖਾਨਾ ਨੂੰ ਕਾਬੂ ਕਰਕੇ ਉਸ ਕੋਲੋਂ ਧਮਕੀਆਂ ਦੇਣ ਲਈ ਵਰਤੇ ਗਏ ਮੋਬਾਇਲ ਬਰਾਮਦ ਕਰਕੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਤਫਤੀਸ 'ਚ ਤੇਜੀ ਲਿਆਉਂਦਿਆਂ ਮਨਪ੍ਰੀਤ ਸਿੰਘ ਉਰਫ ਕੋਚ ਪੁੱਤਰ ਬਲਦੇਵ ਸਿੰਘ ਵਾਸੀ ਠੱਠੀ ਭਾਈ ਜਿ਼ਲ੍ਹਾ ਮੋਗਾ ਦੀ ਸਮੂਲੀਅਤ ਪਾਏ ਜਾਣ 'ਤੇ ਉਸ ਨੂੰ ਮੁਕੱਦਮੇ 'ਚ ਨਾਮਜਦ ਕਰਕੇ ਗ੍ਰਿਫਤਾਰ ਕੀਤਾ, ਜਿਸ ਦੇ ਕਬਜੇ 'ਚੋਂ ਇਕ ਪਿਸਟਲ 32 ਬੋਰ ਸਮੇਤ 4 ਰੌਂਦ 32 ਬੋਰ ਅਤੇ ਇਕ ਪਿਸਟਲ 12 ਬੋਰ ਸਮੇਤ 1 ਰੌਂਦ 32 ਬੋਰ ਜ਼ਿਦਾ ਬਰਾਮਦ ਕੀਤੇ ਗਏ। ਪੁੱਛਗਿੱਛ ਦੌਰਾਨ ਮੁਲਜਮਾਂ ਨੇ ਮੰਨਿਆ ਕਿ ਉਹ ਜਸਕਰਨ ਸਿੰਘ ਉਰਫ ਜੱਸੂ ਪੁੱਤਰ ਗੋਰਾ ਸਿੰਘ ਵਾਸੀ ਪਿੰਡ ਮਲੂਕਾ ਜੋ ਕਿ ਮਲੇਸੀਆ 'ਚ ਰਹਿੰਦਾ ਹੈ, ਦੀ ਕਮਾਂਡ 'ਤੇ ਸੁਖਚੈਨ ਸਿੰਘ ਤੇ ਮਨਪ੍ਰੀਤ ਸਿੰਘ ਫਰਮਾਂ ਅਤੇ ਦੁਕਾਨ ਦੇ ਮਾਲਕਾਂ ਸਬੰਧੀ ਜਾਣਕਾਰੀ ਹਾਸਲ ਕਰਕੇ ਅੱਗੇ ਉਨ੍ਹਾਂ ਦੀਆਂ ਫੋਟੋਆਂ ਅਤੇ ਮੋਬਾਇਲ ਨੰਬਰ ਮਲੇਸੀਆ ਬੈਠੇ ਜਸਕਰਨ ਸਿੰਘ ਜੱਸੂ ਨੂੰ ਮੁਹੱਈਆ ਕਰਵਾਉਂਦੇ ਸਨ। ਫਰਮਾਂ ਜਾਂ ਦੁਕਾਨਾਂ ਦੇ ਮਾਲਕਾਂ ਨੂੰ ਜੱਸੂ ਮਲੇਸੀਆ ਤੋਂ ਵਿਦੇਸੀ ਨੰਬਰਾਂ ਰਾਹੀਂ ਵਟਸਐਪ ਕਾਲਾਂ ਕਰਕੇ ਉਨ੍ਹਾਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦਾ ਸੀ ਅਤੇ ਫਿਰੌਤੀ ਦੀ ਮੰਗ ਕਰਦਾ ਸੀ। ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਉਕਤ ਕੇਸ 'ਚ ਸੁਖਚੈਨ ਸਿੰਘ ਉਰਫ ਸੁੱਖਾ ਨੇ ਹੀ ਸੁਖਦੇਵ ਸਿੰਘ ਉਰਫ ਭੋਲਾ ਦੀ ਦੁਕਾਨ ਦੀ ਰੇਕੀ ਕੀਤੀ ਸੀ ਤੇ ਉਸ ਦੀ ਦੁਕਾਨ ਦੀ ਫੋਟੋ ਖਿੱਚੀ ਅਤੇ ਮੋਬਾਇਲ ਨੰਬਰ ਜੱਸੂ ਨੂੰ ਭੇਜੇ ਸਨ। ਦੋਸੀਆਂ ਵੱਲੋਂ ਅਪ੍ਰੈਲ ਮਹੀਨੇ 'ਚ ਨਿਤਿਨ ਨਰੂਲਾ, ਜਿਸ ਦੀ ਦੁਕਾਨ ਨਰੂਲਾ ਲਹਿੰਗਾ ਹਾਊਸ ਹੈ, ਮਈ ਦੇ ਪਹਿਲੇ ਹਫਤੇ 'ਚ ਏਅਰ ਟਿਕਟਿੰਗ ਅਤੇ ਵੈਸਟਰਨ ਯੂਨੀਅਨ ਕੋਟਕਪੂਰਾ ਦੇ ਮਾਲਕ ਹਰਵਿੰਦਰ ਸਿੰਘ ਤੋਂ ਅਤੇ ਮਈ ਦੇ ਅਖੀਰਲੇ ਹਫਤੇ 'ਚ ਸਿ਼ਵਮ ਟੂਰ ਐਂਡ ਟ੍ਰੈਵਲ ਸਾਹਮਣੇ ਸਿਵਲ ਹਸਪਤਾਲ ਕੋਟਕਪੂਰਾ ਨੂੰ ਜਾਨੋਂ ਮਾਰਨ ਦੀਆਂ ਧਮਕੀਆ ਦੇ ਕੇ 5-5 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਸੀ।

# ਉਧਾਰ ਦਿੱਤੇ ਪੈਸੇ ਵਾਪਸ ਮੰਗਣ 'ਤੇ ਕੀਤੀ ਕੁੱਟਮਾਰ, ਸੱਟਾਂ ਮਾਰ ਕੀਤਾ ਜ਼ਖ਼ਮੀ



**ਤਰਨਤਾਰਨ/ਲੋਕ ਬਾਣੀ**

ਥਾਣਾ ਚੋਹਲਾ ਸਾਹਿਬ ਦੀ ਪੁਲਸ ਨੇ ਉਧਾਰ ਦਿੱਤੇ ਪੈਸੇ ਵਾਪਸ ਮੰਗਣ 'ਤੇ ਇਕ ਵਿਅਕਤੀ ਨੂੰ ਸੱਟਾਂ ਮਾਰ ਕੇ ਜ਼ਖ਼ਮੀ ਕਰਨ ਦੇ ਦੋਸ਼ ਹੇਠ 3 ਲੋਕਾਂ ਖਿ਼ਲਾਫ ਕੇਸ ਦਰਜ ਕੀਤਾ ਹੈ। ਪੁਲਸ ਨੂੰ ਦਰਜ ਕਰਵਾਏ ਬਿਆਨ 'ਚ ਨਿਰਮਲ ਸਿੰਘ ਪੁੱਤਰ ਸੁਬੇਗ ਸਿੰਘ ਵਾਸੀ ਚੋਹਲਾ ਸਾਹਿਬ ਨੇ ਦੱਸਿਆ ਕਿ ਉਸ ਨੇ ਕੁਝ ਸਮਾਂ ਪਹਿਲਾਂ ਗੁਰਦੀਪ ਸਿੰਘ ਪੁੱਤਰ ਦਿਆਲ ਸਿੰਘ ਨੂੰ 30 ਹਜ਼ਾਰ ਰੁਪਏ ਉਧਾਰ ਦਿੱਤੇ ਸਨ। ਗੁਰਦੀਪ ਸਿੰਘ ਉਧਾਰ ਲਈ ਰਕਮ ਵਾਪਸ ਕਰਨ ਤੋਂ ਆਨਾਕਾਨੀ ਕਰਨ ਲੱਗ ਪਿਆ। ਜਦ ਉਸ ਨੇ ਮੋਹਤਬਰ ਆਦਮੀਆਂ ਨੂੰ ਉਕਤ ਵਿਅਕਤੀ ਦੇ ਘਰ ਭੇਜਿਆ ਤਾਂ ਇਸ ਗੱਲ ਦੀ ਰੰਜਿਸ਼ ਰੱਖਦਿਆਂ ਗੁਰਦੀਪ ਸਿੰਘ, ਗੁਰਮੀਤ ਕੌਰ, ਨਿੰਦਰ ਸਿੰਘ ਨੇ ਹਮਸਲਾਹ ਹੋ ਕੇ ਉਸ ਨੂੰ ਕੁੱਟ ਮਾਰ ਕੀਤੀ ਅਤੇ ਜ਼ਖ਼ਮੀ ਕਰ ਦਿੱਤਾ। ਇਸ ਸਬੰਧੀ ਏ. ਐੱਸ. ਆਈ. ਹਰਵੰਤ ਸਿੰਘ ਨੇ ਦੱਸਿਆ ਕਿ ਮੁੱਦਈ ਦੇ ਬਿਆਨ 'ਤੇ ਗੁਰਦੀਪ ਸਿੰਘ ਪੁੱਤਰ ਦਿਆਲ ਸਿੰਘ, ਗੁਰਮੀਤ ਕੌਰ ਪਤਨੀ ਗੁਰਦੀਪ ਸਿੰਘ ਅਤੇ ਨਿੰਦਰ ਸਿੰਘ ਪਤਨੀ ਸੰਤੋਖ ਸਿੰਘ ਵਾਸੀਆਨ ਚੋਹਲਾ ਸਾਹਿਬ ਖਿ਼ਲਾਫ ਕੇਸ ਦਰਜ ਕਰਕੇ ਅਗਲੀ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ ਹੈ।

# ਸਿੱਧੂ ਮੂਸੇਵਾਲਾ ਹੱਤਿਆ ਕਾਂਡ: ਦਿੱਲੀ ਪੁਲੀਸ ਨੇ ਛੇ ਸ਼ੂਟਰਾਂ ਦੀ ਪਛਾਣ ਕੀਤੀ




**ਨਵੀਂ ਦਿੱਲੀ/ਲੋਕ ਬਾਣੀ**

ਗਾਇਕ ਸਿੱਧੂ ਮੂਸੇਵਾਲਾ ਦੀ ਹੱਤਿਆ ਦੇ ਸਬੰਧ ਵਿੱਚ ਦਿੱਲੀ ਪੁਲੀਸ ਨੇ ਛੇ ਸ਼ੂਟਰਾਂ ਦੀ ਪਛਾਣ ਕੀਤੀ ਹੈ। ਇਹ ਜਾਣਕਾਰੀ ਦਿੱਲੀ ਪੁਲੀਸ ਦੇ ਸੀਨੀਅਰ ਅਧਿਕਾਰੀ ਨੇ ਸ਼ੁੱਕਰਵਾਰ ਨੂੰ ਦਿੱਤੀ। ਸਪੈਸ਼ਲ ਪੁਲੀਸ ਕਮਿਸ਼ਨਰ (ਵਿਸ਼ੇਸ਼ ਸੈੱਲ) ਐੱਚ. ਐੱਸ. ਧਾਲੀਵਾਲ ਨੇ ਦੱਸਿਆ ਕਿ ਗਾਇਕ ਦੀ ਹੱਤਿਆ ਯੋਜਨਾਬੱਧ ਤਰੀਕੇ ਨਾਲ ਕੀਤੀ ਗਈ ਸੀ। ਮੀਡੀਆ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੁਲੀਸ ਨੇ ਅੱਠ ਸ਼ੱਕੀ ਵਿਅਕਤੀਆਂ ਦੀਆਂ ਤਸਵੀਰਾਂ ਹਾਲ ਹੀ ਵਿੱਚ ਜਾਰੀ ਕੀਤੀਆਂ ਸਨ ਤੇ ਹੁਣ ਛੇ ਸੂਟਰਾਂ ਦੀ ਪਛਾਣ ਕਰ ਲਈ ਗਈ ਹੈ। ਜਿ਼ਕਰਯੋਗ ਹੈ ਕਿ ਦਿੱਲੀ ਪੁਲੀਸ ਨੇ ਬੀਤੇ ਬੁੱਧਵਾਰ ਨੂੰ ਦੱਸਿਆ ਸੀ ਕਿ ਮੂਸੇਵਾਲਾ ਹੱਤਿਆ ਕਾਂਡ ਦਾ ਮਾਸਟਰਮਾਈਂਡ ਗੈਂਗਸਟਰ ਲਾਰੈਂਸ ਬਿਸ਼ਨੋਈ ਹੈ। ਇਸ ਹੱਤਿਆ ਕਾਂਡ ਦੇ ਸਬੰਧ ਵਿੱਚ ਸਿਦੇਸ਼ ਹੀਰਾਮਨ ਕਾਮਲੇ ਉਰਫ ਮਹਾਕਾਲ ਨੂੰ ਮਹਾਰਾਸ਼ਟਰ ਪੁਲੀਸ ਨੇ ਇਸ ਹਫਤੇ ਦੇ ਸ਼ੁਰੂ ਵਿੱਚ ਪੁਣੇ ਤੋਂ ਗ੍ਰਿਫਤਾਰ ਕੀਤਾ ਸੀ। ਦੱਸਣਯੋਗ ਹੈ ਕਿ ਸਿੱਧੂ ਮੂਸੇਵਾਲਾ ਦੀ ਹੱਤਿਆ 29 ਮਈ ਨੂੰ ਮਾਨਸਾ ਜਿਲ੍ਹੇ ਵਿੱਚ ਹੋਈ ਸੀ।

# ਬਟਾਲਾ 'ਚ ਨਾਕੇ 'ਤੇ ਗੈਂਗਸਟਰਾਂ ਨੇ ਪੁਲਸ 'ਤੇ ਚਲਾਈਆਂ ਗੋਲੀਆਂ



**ਬਟਾਲਾ/ਲੋਕ ਬਾਣੀ**

ਅੱਜ ਥਾਣਾ ਘਣੀਏ ਕੇ ਬਾਂਗਰ ਪੁਲਸ 'ਤੇ ਗੈਂਗਸਟਰਾਂ ਨੇ ਗੋਲੀਆਂ ਚਲਾ ਦਿੱਤੀਆਂ। ਇਸ ਦੌਰਾਨ ਪੁਲਸ ਵਲੋਂ ਜਵਾਬੀ ਕਾਰਵਾਈ ਕੀਤੀ ਗਈ। ਇਸ ਮੁਕਾਬਲੇ ਤੋਂ ਬਾਅਦ ਪੁਲਸ ਨੇ ਦੋ ਗੈਂਗਸਟਰਾਂ ਨੂੰ ਗ੍ਰਿਫਤਾਰ ਕਰ ਲਿਆ ਜਦਕਿ ਦੋ ਗੈਂਗਸਟਰ ਮੌਕੇ ਤੋਂ ਫਰਾਰ ਹੋਣ ਵਿਚ ਕਾਮਯਾਬ ਹੋ ਗਏ। ਗ੍ਰਿਫਤਾਰ ਕੀਤੇ ਗਏ ਗੈਂਗਸਟਰਾਂ ਦੀ ਪਛਾਣ ਰਮਨਦੀਪ ਸਿੰਘ ਨਿਵਾਸੀ ਮੁਰੀਦਕੇ ਅਤੇ ਸੁਰਜੀਤ ਸਿੰਘ ਨਿਵਾਸਾ ਖਹਿਰਾ ਕਲਾਂ ਵਜੋਂ ਹੋਈ ਹੈ ਅਤੇ ਜਦਕਿ ਗੈਂਗਸਟਰ ਹੀਰਾ ਅਤੇ ਮਨਵੀਰ ਮੌਕੇ ਤੋਂ ਫਰਾਰ ਹੋ ਗਏ। ਦੱਸਿਆ ਰਿਹਾ ਹੈ ਕਿ ਪੁਲਸ ਵਲੋਂ ਸ਼ੱਕੀ ਵਿਅਕਤੀ ਦੀਆਂ ਚੈਕਿੰਗ ਕੀਤੀ ਜਾ ਰਹੀ ਸੀ, ਇਸ ਦੌਰਾਨ ਦੋ ਮੋਟਰਸਾਈਕਲਾਂ 'ਤੇ ਦੋ ਦੋ ਨੌਜਵਾਨ ਆਉਂਦੇ ਨਜਰ ਆਏ। ਇਸ ਦੌਰਾਨ ਜਦੋਂ ਪੁਲਸ ਨੇ ਇਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਨੇ ਪੁਲਸ 'ਤੇ ਗੋਲੀਆਂ ਚਲਾ ਦਿੱਤੀਆਂ ਅਤੇ ਮੋਟਰਸਾਈਕਲ ਭਜਾ ਲਿਆ।

ਇਸ ਦੌਰਾਨ ਪੁਲਸ ਨੇ ਉਨ੍ਹਾਂ ਦਾ ਪਿੱਛੇ ਕਰਕੇ ਦੋ ਮੋਟਰਸਾਈਕਲ ਸਵਾਰਾਂ ਨੂੰ ਕਾਬੂ ਕਰ ਲਿਆ ਜਦਕਿ ਦੋ ਗੈਂਗਸਟਰ ਫਰਾਰ ਹੋ ਗਏ। ਪੁਲਸ ਨੇ ਮੁਲਜਮਾਂ ਕੋਲੋਂ ਇਕ ਪਿਸਟਰ 32 ਬੌਰ, 7 ਜਿ਼ਦਾ ਰੌਂਦ 32 ਬੌਰ, ਇਕ ਮੈਗਜੀਨ 32 ਬੌਰ ਅਤੇ ਇਕ ਮੋਟਰਸਾਈਕਲ ਬਰਾਮਦ ਕੀਤਾ ਹੈ। ਪੁਲਸ ਵਲੋਂ ਮੁਲਜਮਾਂ ਤੋਂ ਗੰਭੀਰਤਾ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਈਡੀ ਵੱਲੋਂ ਸੋਨੀਆ ਗਾਂਧੀ ਨੂੰ ਤਾਜਾ ਸੰਮਨ ਜਾਰੀ

**ਨਵੀਂ ਦਿੱਲੀ/ਲੋਕ ਬਾਣੀ**

ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਨੈਸ਼ਨਲ ਹੈਰਾਲਡ ਅਖਬਾਰ ਨਾਲ ਜੁੜੇ ਕਾਲੇ ਧਨ ਨੂੰ ਸਫੈਦ ਕਰਨ ਦੇ ਮਾਮਲੇ ਵਿੱਚ ਪੁੱਛਗਿੱਛ ਕਰਨ ਲਈ ਕਾਂਗਰਸ ਦੀ ਕੌਮੀ ਪ੍ਰਧਾਨ ਸੋਨੀਆ ਗਾਂਧੀ ਨੂੰ ਅੱਜ ਤਾਜਾ ਸੰਮਨ ਜਾਰੀ ਕਰਦਿਆਂ ਈਡੀ ਅੱਗੇ 23 ਜੂਨ ਨੂੰ ਪੇਸ਼ ਹੋਣ ਲਈ ਕਿਹਾ ਹੈ। ਇਸ ਤੋਂ ਪਹਿਲਾਂ ਸ੍ਰੀਮਤੀ ਗਾਂਧੀ ਨੂੰ ਈਡੀ ਅੱਗੇ 8 ਜੂਨ ਨੂੰ ਪੇਸ਼ ਹੋਣ ਲਈ ਕਿਹਾ ਗਿਆ ਸੀ ਪਰ ਕਰੋਨਾ ਪੀੜਤ ਹੋਣ ਕਾਰਨ ਉਹ ਐਨਫੋਰਸਮੈਂਟ ਡਾਇਰੈਕਟੋਰੇਟ ਅੱਗੇ ਪੇਸ਼ ਨਹੀਂ ਹੋ ਸਕੀ ਸੀ। ਇਸੇ ਕੇਸ ਦੇ ਸਬੰਧ ਵਿੱਚ ਰਾਹੁਲ ਗਾਂਧੀ ਨੂੰ ਵੀ ਈਡੀ 13 ਜੂਨ ਨੂੰ ਪੁੱਛ-ਪੜਤਾਲ ਲਈ ਸੱਦਿਆ ਹੈ।



# ਨਵੇਂ ਵਿਵਾਦ 'ਚ ਘਿਰਿਆ ਸੀਐੱਮ ਭਗਵੰਤ ਮਾਨ ਦਾ ਇੱਕ ਹੋਰ ਮੰਤਰੀ, ਹਾਈਵੇਅ 'ਤੇ ਕੀਤੇ ਸਟੰਟ; 2 ਗਨਮੈਨ ਦੀ ਜਿੰਦਗੀ ਖਤਰੇ 'ਚ ਪਾਈ



**ਚੰਡੀਗੜ੍ਹ/ਲੋਕ ਬਾਣੀ:-** ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਖਤਰਨਾਕ ਸਟੰਟ ਸਾਹਮਣੇ ਆਇਆ ਹੈ। ਉਹ ਆਪਣੀ ਐਂਡੇਵਰ ਗੱਡੀ ਦੇ ਸਨਰੂਫ ਤੋਂ ਆਪਣਾ ਹੱਥ ਹਿਲਾਉਂਦਾ ਦਿਖਾਈ ਦੇ ਰਿਹਾ ਹੈ। ਇਹ ਵੀਡੀਓ ਨੈਸਨਲ ਹਾਈਵੇ ਦਾ ਦੱਸਿਆ ਜਾ ਰਿਹਾ ਹੈ। ਕਾਰ ਤੇਜ ਰਫਤਾਰ ਨਾਲ ਜਾ ਰਹੀ ਹੈ ਤੇ ਉਸ ਦੇ ਦੋ ਗੰਨਮੈਨ ਵੀ ਕਾਰ ਦਾ ਦਰਵਾਜਾ ਖੋਲ੍ਹ ਕੇ ਆਪਣੀ ਜਾਨ ਨੂੰ ਖਤਰੇ ਵਿੱਚ ਪਾ ਕੇ ਬਾਹਰ ਲਟਕ ਰਹੇ ਹਨ।

ਹਾਲਾਂਕਿ ਇਸ ਮੁੱਦੇ 'ਤੇ ਟਰਾਂਸਪੋਰਟ ਮੰਤਰੀ ਦਾ ਜਵਾਬ ਨਹੀਂ ਮਿਲ ਸਕਿਆ ਹੈ। ਜੇਕਰ ਟ੍ਰੈਫਿਕ ਮਾਹਿਰਾਂ ਦੀ ਮੰਨੀਏ ਤਾਂ ਰਾਸਟਰੀ ਰਾਜ ਮਾਰਗ 'ਤੇ ਇਸ ਤਰ੍ਹਾਂ ਦੇ ਸਟੰਟ ਕਰਨਾ ਨਿਯਮਾਂ ਦੀ ਉਲੰਘਣਾ ਹੈ। ਹਾਲਾਂਕਿ ਖੁਦ ਟਰਾਂਸਪੋਰਟ ਮੰਤਰੀ ਦੀ ਅਜਿਹੀ ਵੀਡੀਓ ਕਾਰਨ ਕਈ ਸਵਾਲ ਖੜ੍ਹੇ ਹੋ ਰਹੇ ਹਨ।

# ਡੇਰਾ ਬਾਬਾ ਨਾਨਕ ਦੇ ਗੁ.ਸ੍ਰੀ ਦਰਬਾਰ ਸਾਹਿਬ ਦੀ ਨਵੀਂ ਇਮਾਰਤ ਦੇ ਗੁਮੰਦ 'ਤੇ ਸੋਨੇ ਦੇ ਪੱਤਰੇ ਲਗਾਉਣ ਦੀ ਕਾਰ ਸੇਵਾ ਸ਼ੁਰੂ



**ਗੁਰਦਾਸਪੁਰ/ਲੋਕ ਬਾਣੀ**

ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਕਸਬਾ ਡੇਰਾ ਬਾਬਾ ਨਾਨਕ ਵਿਖੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੀ ਨਵੀਂ ਬਣੀ ਇਮਾਰਤ ਅਤੇ ਗੁਮੰਦ 'ਤੇ ਸੋਨੇ ਦੇ ਪੱਤਰੇ ਲਗਾਉਣ ਦੀ ਕਾਰ ਸੇਵਾ ਅੱਜ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲਿਆਂ ਵਲੋਂ ਸ਼ੁਰੂ ਕਰ ਦਿੱਤੀ ਗਈ ਹੈ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬਾਬਾ ਗੁਰਪ੍ਰੀਤ ਸਿੰਘ ਤੇ ਬਾਬਾ ਸਾਹਿਬ ਸਿੰਘ ਨੇ ਦੱਸਿਆ ਕਿ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲਿਆਂ ਵੱਲੋਂ ਇਸ ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਬਣਾਉਣ ਉਪਰੰਤ ਉਸ ਵਿੱਚ ਸੋਨੇ ਦੀ ਸੁੰਦਰ ਪਾਲਕੀ ਸੁਸੋਭਿਤ ਕੀਤੀ ਗਈ ਹੈ। ਸੰਗਤਾਂ ਦੇ ਸਹਿਯੋਗ ਨਾਲ ਇਸ 'ਤੇ 4 ਕਿਲੋ ਸੋਨੇ ਦੀ ਸੇਵਾ ਕਰਵਾਈ ਗਈ ਹੈ।

ਉਨ੍ਹਾਂ ਦੱਸਿਆ ਕਿ ਅੱਜ ਗੁਰਦੁਆਰਾ ਸਾਹਿਬ ਦੀ ਨਵੀਂ ਬਣੀ ਇਮਾਰਤ ਦੇ ਗੁਮੰਦ 'ਤੇ ਸੋਨੇ ਦੇ ਪੱਤਰੇ ਲਗਾਉਣ ਦੀ ਸੇਵਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ 'ਤੇ ਕਰੀਬ 10 ਤੋਂ 12 ਕਿੱਲੋ ਸੋਨਾ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਾਨੂੰ ਸੰਗਤਾਂ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ। ਅਸੀਂ ਸੰਗਤਾਂ ਨੂੰ ਅਪੀਲ ਕਰਦੇ ਹਾਂ ਕਿ ਇਸ ਚੱਲ ਰਹੇ ਸੇਵਾ ਦੇ ਮਹਾਂਕੁੰਭ ਵਿਚ ਵੱਧ ਚੜ੍ਹ ਕੇ ਸੇਵਾ ਵਿੱਚ ਹਿੱਸਾ ਪਾਉਣ ਅਤੇ ਗੁਰੂ ਘਰ ਦੀਆਂ ਖੁਸੀਆਂ ਪ੍ਰਾਪਤ ਕਰਨ ।

# ਕੌਂਸਲਰ ਹਾਊਸ ਦੀ ਬੈਠਕ ਦੌਰਾਨ ਹਾਵੀ ਰਹੇ ਕਈ ਮੁੱਦੇ, ਜਾਣੋ ਕਿਹੜਾ ਕੌਂਸਲਰ ਕੀ ਬੋਲਿਆ



**ਜਲੰਧਰ/ਸੰਜੇ ਰਾਜਪੂਤ**

ਨਗਰ ਨਿਗਮ ਜਲੰਧਰ ਦੇ ਕੌਂਸਲਰ ਹਾਊਸ ਦੀ ਬੈਠਕ ਬੁੱਧਵਾਰ 7 ਮਹੀਨਿਆਂ ਤੋਂ ਜ਼ਿਆਦਾ ਸਮੇਂ ਦੇ ਵਕਫੇ ਤੋਂ ਬਾਅਦ ਮੇਅਰ ਜਗਦੀਸ਼ ਰਾਜਾ ਦੀ ਪ੍ਰਧਾਨਗੀ ਵਿਚ ਹੋਈ। ਖਾਸ ਗੱਲ ਇਹ ਰਹੀ ਕਿ ਇਸ ਬੈਠਕ ਵਿਚ ਨਿਗਮ ਨਾਲ ਸਬੰਧਤ ਪ੍ਰਾਜੈਕਟਾਂ 'ਤੇ ਕੋਈ ਖਾਸ ਚਰਚਾ ਨਹੀਂ ਹੋਈ ਪਰ ਜ਼ਿਆਦਾਤਰ ਸਮਾਂ ਸਮਾਰਟ ਸਿਟੀ ਕੰਪਨੀ ਦੀਆਂ ਨਾਕਾਮੀਆਂ ਦੀ ਚਰਚਾ ਕਰਨ ਵਿਚ ਬੀਤਿਆ। ਬੈਠਕ ਦੌਰਾਨ 80 ਵਿਚੋਂ 53 ਕੌਂਸਲਰ ਹਾਜਰ ਹੋਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਨੇ ਸਾਫ ਸ਼ਬਦਾਂ ਵਿਚ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਜਲੰਧਰ ਸਮਾਰਟ ਸਿਟੀ ਕੰਪਨੀ ਨਾਲ ਸਬੰਧਤ ਅਫਸਰਾਂ ਨੇ ਹਰ ਪ੍ਰਾਜੈਕਟ ਵਿਚ ਲਾਪਰਵਾਹੀ ਅਤੇ ਨਾਲਾਇਕੀ ਵਰਤੀ ਅਤੇ ਕਰੋੜਾਂ ਰੁਪਏ ਦਾ ਭ੍ਰਿਸ਼ਟਾਚਾਰ ਕੀਤਾ।

ਜ਼ਿਆਦਾਤਰ ਕੌਂਸਲਰਾਂ ਦਾ ਕਹਿਣਾ ਸੀ ਕਿ ਭਾਵੇਂ ਸਮਾਰਟ ਸਿਟੀ ਨਾਲ ਸਬੰਧਤ ਕੰਮ ਇਕ ਕੰਪਨੀ ਬਣਾ ਕੇ ਕੀਤੇ ਗਏ ਪਰ ਬਦਨਾਮੀ ਜਲੰਧਰ ਨਿਗਮ ਨੂੰ ਝੱਲਣੀ ਪਈ। ਕੌਂਸਲਰਾਂ ਨੇ ਇਹ ਵੀ ਕਿਹਾ ਕਿ ਸਮਾਰਟ ਸਿਟੀ ਫੰਡ ਨਾਲ ਹੁਣ ਤੱਕ ਕਰੋੜਾਂ ਨਹੀਂ, ਸਗੋਂ ਅਰਬਾਂ ਰੁਪਏ ਖਰਚ ਕੀਤੇ ਜਾ ਚੁੱਕੇ ਹਨ ਪਰ ਜਲੰਧਰ ਸ਼ਹਿਰ ਰੱਤੀ ਭਰ ਵੀ ਸਮਾਰਟ ਨਹੀਂ ਦਿਸ ਰਿਹਾ ਅਤੇ ਜ਼ਿਆਦਾਤਰ ਪ੍ਰਾਜੈਕਟ ਵਿਵਾਦਾਂ ਦੀ ਭੇਟ ਚੜ੍ਹ ਗਏ, ਜਿਨ੍ਹਾਂ ਦੀ ਕਿਤੇ ਕੋਈ ਜਾਂਚ ਤੱਕ ਨਹੀਂ ਹੋਈ।

# ਪੀ.ਸੀ.ਸੀ. ਅਪਾਇੰਟਮੈਂਟ ਕੋਟਾ 450 ਪ੍ਰਤੀ ਦਿਨ ਤੋਂ 600 ਕੀਤੇ ਜਾਣ ਨਾਲ ਬਿਨੈਕਾਰਾਂ ਨੂੰ ਵੱਡੀ ਰਾਹਤ

**ਜਲੰਧਰ/ਸੰਜੇ ਰਾਜਪੂਤ:-** ਪੁਲਿਸ ਕਲੀਅਰੈਂਸ ਸਰਟੀਫਿਕੇਟ (ਪੀ.ਸੀ.ਸੀ.) ਦੀ ਮੰਗ ਕਰਨ ਵਾਲੇ ਵਸਨੀਕਾਂ ਨੂੰ ਹੋਰ ਵੱਡੀ ਰਾਹਤ ਦਿੰਦਿਆਂ ਪੀ.ਸੀ.ਸੀ. ਜਾਰੀ ਕਰਨ ਲਈ ਖੇਤਰੀ ਪਾਸਪੋਰਟ ਅਫਸਰ ਦਾ ਕੋਟਾ ਮੌਜੂਦਾ 450 ਅਪਾਇੰਟਮੈਂਟ ਪ੍ਰਤੀ ਦਿਨ ਤੋਂ ਵਧਾ ਕੇ 600 ਕਰ ਦਿੱਤਾ ਗਿਆ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਖੇਤਰੀ ਪਾਸਪੋਰਟ ਅਫਸਰ ਯਸ ਪਾਲ ਨੇ ਦੱਸਿਆ ਕਿ ਵਿਦੇਸ ਮੰਤਰਾਲੇ ਵੱਲੋਂ ਜਲੰਧਰ ਦੇ ਆਰ.ਪੀ.ਓ ਵੱਲੋਂ ਬੇਨਤੀ ਕਰਨ 'ਤੇ ਲੋਕਾਂ ਦੀ ਸਹੂਲਤ ਲਈ ਇਹ ਫੈਸਲਾ ਲਿਆ ਗਿਆ ਹੈ। ਯਸ ਪਾਲ ਨੇ ਕਿਹਾ ਕਿ ਇਸ ਨਾਲ ਲੋਕਾਂ ਨੂੰ ਪੀ.ਸੀ.ਸੀ. ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਖੇਤਰੀ ਪਾਸਪੋਰਟ ਦਫਤਰ ਵੱਲੋਂ ਲੋਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਹਾਲ ਹੀ ਵਿੱਚ ਵਿਦੇਸ ਜਾਣ ਦੇ ਚਾਹਵਾਨ ਲੋਕਾਂ ਦੀ ਸਹੂਲਤ ਲਈ ਇਸ ਕੋਟੇ ਨੂੰ ਵਧਾਉਣ ਲਈ ਮੰਤਰਾਲੇ ਨੂੰ ਵਿਸਥਾਰਤ ਪ੍ਰਸਤਾਵ ਵੀ ਭੇਜਿਆ ਗਿਆ । ਪਹਿਲਾਂ ਅਪਾਇੰਟਮੈਂਟ ਕੋਟਾ 135 ਪ੍ਰਤੀ ਦਿਨ ਸੀ ਪਰ ਕਿਉਂਕਿ ਪੀ.ਸੀ.ਸੀ. ਦੀ ਮੰਗ ਰੋਜ਼ਾਨਾ ਵੱਧ ਰਹੀ ਸੀ, ਇਸ ਲਈ ਆਰ.ਪੀ.ਓ. ਵੱਲੋਂ ਇਸ ਮੁੱਦੇ ਨੂੰ ਐਮ.ਈ.ਏ. ਪਾਸ ਉਠਾਇਆ ਗਿਆ, ਜਿਸ ਤੋਂ ਬਾਅਦ ਇਸ ਨੂੰ ਵਧਾ ਕੇ 180 ਕਰ ਦਿੱਤਾ ਗਿਆ। ਹਾਲਾਂਕਿ ਆਰ.ਪੀ.ਓ. ਵੱਲੋਂ ਮੁੜ ਬੇਨਤੀ ਕਰਨ 'ਤੇ ਕੋਟੇ ਨੂੰ ਹਾਲ ਹੀ ਵਿੱਚ ਵਧਾ ਕੇ 270, ਫਿਰ 450 ਕੀਤਾ ਗਿਆ ਅਤੇ ਹੁਣ ਇਸਨੂੰ 600 ਪੀ.ਸੀ.ਸੀ. ਪ੍ਰਤੀ ਦਿਨ ਤੱਕ ਵਧਾ ਦਿੱਤਾ ਗਿਆ ਹੈ। ਪਾਸਪੋਰਟ ਨਾਲ ਸਬੰਧਤ ਬਿਹਤਰੀਨ ਸੇਵਾਵਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਦੁਹਰਾਉਂਦਿਆਂ ਖੇਤਰੀ ਪਾਸਪੋਰਟ ਅਫਸਰ ਨੇ ਕਿਹਾ ਕਿ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਬਿਨੈਕਾਰ ਆਨਲਾਈਨ ਅਪਲਾਈ ਅਤੇ ਭੁਗਤਾਨ ਕਰਨ ਤੋਂ ਬਾਅਦ ਸਿੱਧਾ ... 'ਤੇ ਆਪਣਾ ਪਾਸਪੋਰਟ ਅਤੇ ਪੀ.ਸੀ.ਸੀ. ਅਪਾਇੰਟਮੈਂਟ ਚੈੱਕ ਅਤੇ ਬੁੱਕ ਕਰ ਸਕਦੇ ਹਨ। ਯਸ ਪਾਲ ਨੇ ਕਿਹਾ ਕਿ ਲੋਕਾਂ ਨੂੰ ਇਹ ਸੇਵਾਵਾਂ ਪ੍ਰਾਪਤ ਕਰਨ ਲਈ ਕਿਸੇ ਵਿਚੋਲੇ ਦੀ ਲੋੜ ਨਹੀਂ ਕਿਉਂਕਿ ਖੇਤਰੀ ਪਾਸਪੋਰਟ ਦਫਤਰ ਵੱਲੋਂ ਅਜਿਹੀ ਕਿਸੇ ਸੰਸਥਾ ਜਾਂ ਵਿਚੋਲੇ ਨੂੰ ਅਧਿਕਾਰਤ ਨਹੀਂ ਕੀਤਾ ਗਿਆ। ਖੇਤਰੀ ਪਾਸਪੋਰਟ ਅਫਸਰ ਨੇ ਕਿਹਾ ਕਿ ਹਰ ਸੇਵਾ ਸਾਫ-ਸੁਥਰੇ ਅਤੇ ਪਾਰਦਰਸੀ ਢੰਗ ਨਾਲ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਅਜਿਹੇ ਵਿਚੋਲਿਆਂ ਦੇ ਝਾਂਸੇ ਵਿਚ ਆਉਣ ਤੋਂ ਗੁਰੇਜ ਕਰਨਾ ਚਾਹੀਦਾ ਹੈ ਅਤੇ ਇਸ ਦੀ ਬਜਾਏ ਪਾਸਪੋਰਟ ਦਫਤਰ ਨਾਲ ਸਿੱਧਾ ਸੰਪਰਕ ਕਰਨਾ ਚਾਹੀਦਾ ਹੈ, ਜੋ ਹਮੇਸਾ ਲੋਕਾਂ ਦੀ ਸੇਵਾ ਲਈ ਉਪਲਬਧ ਹੈ। ਜ਼ਿਕਰਯੋਗ ਹੈ ਕਿ ਦੇਸ ਭਰ ਵਿੱਚ ਪੀ.ਸੀ.ਸੀ. ਅਪਾਇੰਟਮੈਂਟ ਵਿੱਚ ਬੇਮਿਸਾਲ ਵਾਧਾ ਹੋਇਆ ਹੈ ਅਤੇ ਪਹਿਲੀ ਸਮਰੱਥਾ ਦੇ ਮੁਕਾਬਲੇ ਕੋਟੇ ਵਿੱਚ ਰਿਕਾਰਡ ਵਾਧੇ ਰਾਹੀਂ ਇਸ ਵਧਦੀ ਮੰਗ ਨੂੰ ਪੂਰਾ ਕਰਨ ਲਈ ਢੁਕਵੇਂ ਪ੍ਰਬੰਧ ਕੀਤੇ ਗਏ ਹਨ।

# ਬਾਲ ਮਜ਼ਦੂਰੀ ਸਬੰਧੀ ਟੋਲ ਫ੍ਰੀ ਨੰ. 1098 'ਤੇ ਕਰਵਾਈ ਜਾ ਸਕਦੀ ਹੈ



ਡਾਇਰੈਕਟਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ, ਵੱਲੋ ਪਹਿਲੀ ਜੂਨ ਤੋਂ 30 ਜੂਨ ਤੱਕ ਬਾਲ ਮਜ਼ਦੂਰੀ ਦੇ ਖਾਤਮੇ ਲਈ ਉਲੀਕੇ ਗਏ 'ਸਟੇਟ ਐਕਸ਼ਨ ਪਲਾਨ' ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਇਸ ਸਬੰਧੀ ਜ਼ਿਲ੍ਹੇ ਵਿੱਚ ਜਾਗਰੂਕਤਾ ਕੈਂਪ ਲਾਏ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਕੰਚਨ ਅਰੋੜਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਦੇ ਆਦੇਸ਼ਾਂ 'ਤੇ ਜ਼ਿਲ੍ਹੇ ਦੇ ਵੱਖ-ਵੱਖ ਸਲੱਮ ਏਰੀਆ ਵਿੱਚ ਬਾਲ ਮਜ਼ਦੂਰੀ ਦੇ ਖਾਤਮੇ ਪ੍ਰਤੀ ਜਾਗਰੂਕਤਾ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਨਵਾਂਸ਼ਹਿਰ ਦੇ ਵੱਖ-ਵੱਖ ਸਲੱਮ ਏਰੀਆ, ਜਿਵੇਂ ਕਿ ਦਾਣਾ ਮੰਡੀ ਰੇਲਵੇ ਰੋਡ, ਸਲੱਮ ਏਰੀਆ ਬੰਗਾ ਰੋਡ ਵਿਖੇ ਲੋਕਾਂ ਨੂੰ ਬਾਲ ਮਜ਼ਦੂਰੀ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।

ਇਸ ਤੋ ਇਲਾਵਾ ਵਿਭਾਗ ਵੱਲੋਂ ਚਲਾਏ ਜਾ ਰਹੇ 'ਵਿਦਿਆ ਪ੍ਰਕਾਸ਼ ਸਕੂਲ ਵਾਪਸੀ ਦਾ ਆਗਾਜ਼' ਪ੍ਰੋਗਰਾਮ ਤਹਿਤ ਬੱਚਿਆ ਨੂੰ ਸਕੂਲ ਵਿੱਚ ਦਾਖਲ ਕਰਵਾਉਣ ਬਾਰੇ ਵੀ ਇਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਾਲ ਮਜ਼ਦੂਰੀ ਸਬੰਧੀ ਚਾਈਲਡ ਹੈਲਪਲਾਈਨ ਨੰ. 1098 'ਤੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ।ਇਸ ਜਾਗਰੂਕਤਾ ਮੁਹਿੰਮ ਦੌਰਾਨ ਬੱਚਿਆਂ ਨੂੰ ਸਾਫ਼-ਸਫ਼ਾਈ, ਗੁੱਡ ਟੱਚ ਤੇ ਬੈੱਡ ਟੱਚ ਬਾਰੇ ਵੀ ਜਾਗਰੂਕ ਕੀਤਾ ਗਿਆ ਅਤੇ ਬੱਚਿਆਂ ਦੇ ਮਾਤਾ-ਪਿਤਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆ ਨੂੰ ਬਾਲ ਭਿੱਖਿਆ ਜਾਂ ਬਾਲ ਮਜ਼ਦੂਰੀ ਵਿੱਚ ਨਾ ਲਗਾਉਣ, ਬਲਕਿ ਉਨ੍ਹਾਂ ਨੂੰ ਸਕੂਲ ਜਾਣ ਲਈ ਉਤਸ਼ਾਹਿਤ ਕਰਨ। ਜਾਗਰੂਕਤਾ ਕੈਂਪ ਦੌਰਾਨ ਗਗਨਦੀਪ ਕੌਰ (ਸੰਚਾਲਕ, ਐਨ ਜੀ ਓ ਭੂ-ਵਰਥ ਫਾਊਂਡੇਸ਼ਨ), ਰਜਿੰਦਰ ਕੌਰ (ਬਾਲ ਸੁਰੱਖਿਆ ਅਫ਼ਸਰ, ਐਨ.ਆਈ.ਸੀ.), ਮਿਸ ਸ਼ਾਨੂੰ ਰਾਣਾ (ਅਕਾਊਂਟੈਂਟ) ਅਤੇ ਮਿਸ ਰੋਹਿਤਾ (ਆਉਟ ਰੀਚ ਵਰਕਰ) ਮੌਜੂਦ ਸਨ।

# ਸਿੱਖਿਆ ਮੰਤਰਾਲਾ ਏਆਈਸੀਟੀਈ ਅਤੇ ਏਡਬਲਿਊਐਸ ਵਿਦਿਆਰਥੀਆਂ ਨੂੰ ਕਲਾਊਡ ਕੰਪਿਊਟਿੰਗ ਅਤੇ ਮਸ਼ੀਨ ਲਰਨਿੰਗ ਦੀ ਟ੍ਰੇਨਿੰਗ ਦੇਣਗੇ

**ਚੰਡੀਗੜ੍ਹ/ਲੋਕ ਬਾਣੀ**

ਭਾਰਤ 'ਚ ਉੱਚ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕਲਾਊਡ ਕੰਪਿਊਟਿੰਗ ਅਤੇ ਮਸ਼ੀਨ ਲਰਨਿੰਗ (ਐਮਐਲ) ਦੀ ਸਿਖਲਾਈ ਦੇਣ ਦੇ ਲਈ ਸਿੱਖਿਆ ਮੰਤਰਾਲਾ ਅਮੇਜ਼ਨ ਵੈੱਬ ਸਰਵਿਸੇਜ (ਏਡਬਲਿਊਐਸ) ਦੇ ਨਾਲ ਕੰਮ ਕਰ ਰਿਹਾ ਹੈ . ਇਸਦੇ ਲਈ ਸਿੱਖਿਆ ਮੰਤਰਾਲੇ ਦੇ ਤਹਿਤ ਕਾਨੂੰਨੀ ਸੰਸਥਾ ਆਲ ਇੰਡੀਆ ਕਾਊਂਸਿਲ ਫਾਰ ਟੈਕਨੀਕਲ ਐਜੂਕੇਸ਼ਨ (ਏਆਈਸੀਟੀਈ) ਅਤੇ ਅਮੇਜ਼ਨ ਇੰਟਰਨੈਟ ਸਰਵਿਸੇਜ ਪ੍ਰਾਈਵੇਟ ਲਿਮਿਟਡ (ਏਆਈਐਸਪੀਐਲ) ਦੇ ਵਿਚਕਾਰ ਇੱਕ ਮੈਮੋਰੰਡਮ ਆਫ ਅੰਡਰਸਟੈਂਡਿੰਗ (ਐਮਓਯੂ) 'ਤੇ ਦਸਤਖ਼ਤ ਕੀਤੇ ਗਏ ਜਿਸਦੇ ਤਹਿਤ ਇਹ ਭਾਰਤ 'ਚ ਏਡਬਲਿਊਐਸ ਦੀ ਰੀਸੇਲ ਅਤੇ ਮਾਰਕੀਟਿੰਗ ਕਰੇਗਾ . ਇਸ ਨਵੇਂ ਗਠਜੋੜ ਨਾਲ ਵਿਦਿਆਰਥੀਆਂ ਨੂੰ ਪ੍ਰੋਦੋਗਿਕੀ 'ਚ ਮਹੱਤਵਪੂਰਣ ਕੌਸ਼ਲ ਪ੍ਰਦਾਨ ਕਰਨ ਦੀਆਂ ਮੰਤਰਾਲੇ ਕੋਸ਼ਿਸ਼ਾਂ ਮਜਬੂਤ ਹੋਣਗੀਆਂ ਅਤੇ ਭਾਰਤ 'ਚ ਭਵਿੱਖ ਦੇ ਲਈ ਤਿਆਰ ਡਿਜੀਟਲ ਕੌਸ਼ਲ ਵਾਲੇ ਕਾਰਜਬਲ ਦਾ ਨਿਰਮਾਣ ਕਰਨ 'ਚ ਮਦਦ ਮਿਲੇਗੀ . ਦੇਸ਼ 'ਚ ਏਆਈਸੀਟੀਈ ਨਾਲ ਸਬੰਧਤ ਹਜਾਰਾਂ ਕਾਲਜ ਵਿਦਿਆਰਥੀਆਂ ਦੀ ਭਲਾਈ ਲਈ ਲਈ ਇਸ ਅਭਿਆਨ 'ਚ ਸਹਿਯੋਗ ਕਰਨਗੇ ਡਾ. ਬੁੱਧ ਚੰਦਰ ਸੇਖਰ ਚੀਫ ਕੋ-ਆਰਡੀਨੇਟਰ ਅਫਸਰ ਏਆਈਸੀਟੀਈ ਨੇ ਕਿਹਾ 'ਰਾਸ਼ਟਰੀ ਪੱਧਰ 'ਤੇ ਭਵਿੱਖ ਦੀ ਟੈਕਨੋਲਾਜੀ 'ਚ ਡਿਜੀਟਲ ਕੌਸ਼ਲ ਦਾ ਵਿਕਾਸ ਕਰਨਾ ਸਿੱਖਿਆ ਮੰਤਰਾਲੇ ਦੀ ਮੁੱਖ ਪਹਿਲ ਹੈ . ਸਾਡੇ ਵਿਦਿਆਰਥੀਆਂ ਨੂੰ ਕਲਾਊਡ ਕੰਪਿਊਟਿੰਗ ਅਤੇ ਮਸ਼ੀਨ ਲਰਨਿੰਗ ਦਾ ਗਿਆਨ ਦੇਣਾ ਨਾ ਸਿਰਫ ਉਨ੍ਹਾਂ ਨੂੰ ਰੁਜਗਾਰ ਲਾਇਕ ਬਣਾਉਣ ਦੇ ਲਈ ਜਰੂਰੀ ਹੈ ਸਗੋਂ ਇਸ ਨਾਲ ਇਨ੍ਹਾਂ ਮਹੱਤਵਪੂਰਬ ਕਲਾਵਾਂ ਦੇ ਖੇਤਰ 'ਚ ਸਮਰੱਥਾ ਨਿਰਮਾਣ ਵੀ ਹੋਵੇਗਾ ਜਿਸ ਨਾਲ ਭਵਿੱਖ ਦੇ ਉਦਯੋਗਾਂ ਨੂੰ ਮਦਦ ਮਿਲੇਗੀ . ਸਾਨੂੰ ਖੁਸ਼ੀ ਹੈ ਕਿ ਆਤਮਨਿਰਭਰ ਭਾਰਤ ਬਣਾਉਣ ਦੇ ਲਈ ਕੌਸ਼ਲ ਪ੍ਰਦਾਨ ਕਰਨ ਦੇ ਭਾਰਤ ਸਰਕਾਰ ਦੇ ਮਕਸਦ 'ਚ ਸਹਿਯੋਗ ਕਰਨ ਦੇ ਲਈ ਏਡਬਲਿਊਐਸ ਜਿਹਾ ਉਦਯੋਗਿਕ ਦਿੱਗਜ ਏਆਈਸੀਟੀਈ ਦੇ ਨਾਲ ਮਿਲ ਕੇ ਕੰਮ ਕਰ ਰਿਹਾ ਹੈ॥ ਸੁਨੀਲ ਪੀਪੀ ਲੀਡ-ਐਜੂਕੇਸ਼ਨ ਸਪੇਸ ਅਤੇ ਨਾਨਪ੍ਰੋਫਿਟਸ ਅਮੇਜ਼ਨ ਇੰਟਰਨੈਟ ਸਰਵਿਸੇਜ ਪ੍ਰਾਈਵੇਟ ਲਿਮਿਟਡ ਏਡਬਲਿਊਐਸ ਇੰਡੀਆ ਅਤੇ ਸਾਊਥ ਏਸ਼ੀਆ ਨੇ ਕਿਹਾ 'ਮਹਾਮਾਰੀ ਦੇ ਦੌਰਾਨ ਅਸੀਂ ਦੇਖਿਆ ਕਿ ਹਰ ਸਾਈਜ ਦੇ ਸੰਗਠਨ ਦੀ ਡਿਜੀਟਲ ਬਦਲਾਅ ਦੀਆਂ ਯੋਜਨਾਵਾਂ 'ਚ ਕਾਫੀ ਤੇਜੀ ਆ ਗਈ ਜਿਸਦੇ ਕਾਰਨ ਨਿਯੁਕਤਾਵਾਂ ਅਤੇ ਉਨ੍ਹਾਂ ਦੇ ਕਰਮਚਾਰੀਆਂ ਦੇ ਲਈ ਕਲਾਊਡ ਕੰਪਿਊਟਿੰਗ ਸਾਈਬਰਸਿਕਯੋਰਿਟੀ ਅਤੇ ਮਸ਼ੀਨ ਲਰਨਿੰਗ 'ਚ ਉੱਨਤ ਕੌਸ਼ਲ ਦੀ ਸਿਖਲਾਈ ਪ੍ਰਾਪਤ ਕਰਨ ਦੀ ਜਰੂਰਤ ਵਧ ਗਈ . ਏਡਬਲਿਊਐਸ ਨੂੰ ਅਹਿਸਾਸ ਹੈ ਕਿ ਇਹ ਇੱਕ ਰਾਸ਼ਟਰ ਪੱਧਰੀ ਜਰੂਰਤ ਹੈ ਅਤੇ ਸਿੱਖਿਆ ਮੰਤਰਾਲੇ ਦੇ ਨਾਲ ਅੱਜ ਘੋਸ਼ਿਤ ਐਮਓਯੂ ਭਾਰਤ 'ਚ ਪ੍ਰੋਦੋਗਿਕੀ ਦੀ ਪ੍ਰਤਿਭਾ ਦਾ ਵਿਕਾਸ ਕਰਨ ਅਤੇ ਦੇਸ਼ ਦੀ ਡਿਜੀਟਲ ਅਰਥ ਵਿਵਸਥਾ ਨੂੰ ਮਜਬੂਤ ਕਰਨ 'ਚ ਸਰਕਾਰ ਦਾ ਸਹਿਯੋਗ ਕਰਨ ਦੀ ਸਾਡੀ ਵਚਨਬੱਧਤਾ ਦਾ ਹਿੱਸਾ ਹੈ । ਇਸ ਐਮਓਯੂ ਦੇ ਤਹਿਤ ਏਡਬਲਿਊਐਸ ਵਿਦਿਆਰਥੀਆਂ ਨੂੰ ਏਡਬਲਿਊਐਸ ਐਜੂਕੇਟ (www.awsedu-cate.com) ਉਪਲਬਧ ਕਰਵਾਏਗਾ ਜਿਹੜਾ ਲੋਕਾਂ ਨੂੰ ਉਨ੍ਹਾਂ ਦੀ ਗਤੀ ਨਾਲ ਕਲਾਊਡ ਦਾ ਕੌਸ਼ਲ ਪ੍ਰਾਪਤ ਕਰਨ ਸਿੱਖਣ ਉਸਦਾ ਅਭਿਆਸ ਕਰਨ ਅਤੇ ਅੰਦਾਜਾ ਲਗਾਉਣ 'ਚ ਮਦਦ ਕਰਨ ਦੇ ਲਈ ਡਿਜਾਇਨ ਕੀਤੀਆਂ ਗਈਆਂ ਲੈਬਸ ਅਤੇ ਆਨਲਾਈਨ ਲਰਨਿੰਗ ਸੰਸਾਧਨ ਪ੍ਰਦਾਨ ਕਰਨ ਵਾਲਾ ਇੱਕ ਪ੍ਰੋਗਰਾਮ ਹੈ . ਇਸ ਪ੍ਰੋਗਰਾਮ ਦਾ ਸਰਲ ਅਤੇ ਅਨੁਕੂਲਿਤ ਯੂਜਰ ਅਨੁਭਵ ਸਿਖਅਰਥੀਆਂ ਦੇ ਗਿਆਨ ਟੀਚਿਆਂ ਅਤੇ ਇੰਟਰਸਟ ਦੇ ਅਧਾਰ 'ਤੇ ਕੇਂਦਰਿਤ ਸਿਖਲਾਈ ਸਮੱਗਰੀ ਨਾਲ ਉਨ੍ਹਾਂ ਦਾ ਮਾਰਗਦਰਸ਼ਨ ਕਰਦਾ ਹੈ . ਸਿੱਖਿਆਰਥੀ ਸਿਰਫ ਆਪਣੀ ਈਮੇਲ ਆਈਡੀ ਦੇ ਕੇ ਏਡਬਲਿਊਐਸ ਐਜੂਕੇਟ ਦੇ ਲਈ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

# ਸਿਹਤ ਵਿਭਾਗ ਵੱਲੋਂ ਆਮ ਲੋਕਾਂ ਨੂੰ ਡੇਂਗੂ, ਮਲੇਰੀਆ ਵਰਗੀਆਂ ਬਿਮਾਰੀਆਂ ਤੋਂ ਬਚਾਅ ਲਈ ਐਡਵਾਇਜ਼ਰੀ ਜਾਰੀ

**ਲੁਧਿਆਣਾ/ਸੁਖਚੈਨ ਮਹਿਰਾ**



ਸਿਵਲ ਸਰਜਨ ਲੁਧਿਆਣਾ ਡਾ ਐਸ ਪੀ ਸਿੰਘ ਵੱਲੋਂ ਆਮ ਲੋਕਾਂ ਨੂੰ ਡੇਂਗੂ, ਮਲੇਰੀਆ ਵਰਗੀਆਂ ਬਿਮਾਰੀਆਂ ਤੋਂ ਬਚਾਅ ਲਈ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ।

ਸਿਵਲ ਸਰਜਨ ਵੱਲੋਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਗਿਆ ਕਿ ਡੇਂਗੂ, ਮਲੇਰੀਆ ਦਾ ਸੀਜ਼ਨ ਸ਼ੁਰੂ ਹੋ ਚੁੱਕਾ ਹੈ ਅਤੇ ਸਾਨੂੰ ਸਾਰਿਆਂ ਨੂੰ ਇਸ ਤੋਂ ਬਚਾਅ ਰੱਖਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖਾਰ ਏਡੀਜ ਅਜੈਪਟੀ ਮਾਦਾ ਮੱਛਰ ਦੇ ਕੱਟਣ ਨਾਲ ਹੁੰਦਾ ਹੈ, ਇਸ ਨੂੰ ਟਾਇਗਰ ਮੱਛਰ ਵੀ ਕਿਹਾ ਜਾਂਦਾ ਹੈ, ਕਿਉਂਕਿ ਇਸ ਦੇ ਉਪਰ ਟਾਇਗਰ ਵਰਗੀਆਂ ਧਾਰੀਆਂ ਬਣੀਆਂ ਹੁੰਦੀਆਂ ਹਨ। ਉਨ੍ਹਾਂ ਦੱਸਿਆ ਕਿ ਇਹ ਮੱਛਰ ਕੂਲਰਾਂ, ਗਮਲਿਆਂ, ਟਾਇਰਾਂ, ਫਰਿੱਜਾਂ ਦੇ ਪਿੱਛੇ ਲੱਗੀਆਂ ਟਰੇਆ ਦੇ ਖੜੇ ਪਾਣੀ ਵਿਚ ਪੈਦਾ ਹੁੰਦਾ ਹੈ।

ਡਾ. ਸਿੰਘ ਨੇ ਅੱਗੇ ਦੱਸਿਆ ਕਿ ਸਾਨੂੰ ਆਪਣੇ ਆਲੇ ਦੁਆਲੇ ਅਤੇ ਘਰਾਂ ਵਿਚ ਪਾਣੀ ਨੂੰ ਇਕ ਜਗ੍ਹਾ ਖੜ੍ਹਾ ਨਹੀ ਹੋਣ ਦੇਣਾ ਚਾਹੀਦਾ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਹਫਤੇ ਦੇ ਇਕ ਦਿਨ ਉਪਰੋਤ ਦੱਸੀਆਂ ਥਾਂਵਾਂ 'ਤੇ ਖੜੇ ਪਾਣੀ ਨੂੰ ਸਾਫ ਕੀਤਾ ਜਾਵੇ, ਮੱਛਰ ਦੇ ਕੱਟਣ ਤੋ ਬਚਾਅ ਲਈ ਪੂਰੀਆਂ ਬਾਹਾਂ ਦੇ ਕੱਪੜੇ ਪਾਉਣੇ ਚਾਹੀਦੇ ਹਨ, ਰਾਤ ਨੂੰ ਸੌਣ ਸਮੇ ਮੱਛਰਦਾਨੀਆਂ ਲਾ ਕੇ ਸੌਣਾ ਚਾਹੀਦਾ ਹੈ ਅਤੇ ਮੱਛਰ ਦੇ ਕੱਟਣ ਤੋ ਬਚਾਅ ਲਈ ਕਰੀਮਾਂ ਆਦਿ ਦੀ ਵਰਤੋਂ ਕੀਤੀ ਜਾ ਸਕਦੀ ਹੈ।

# ਘਨਸ਼ਿਆਮ ਥੋਰੀ ਵੱਲੋਂ ਓ.ਯੂ.ਵੀ.ਜੀ.ਐਲ. ਸਕੀਮ ਅਧੀਨ ਅੰਮ੍ਰਿਤਸਰ ਵਿਕਾਸ ਅਥਾਰਟੀ ਦੀਆਂ ਵੱਖ-ਵੱਖ ਰਿਹਾਇਸ਼ੀ ਤੇ ਵਪਾਰਕ ਸਾਈਟਾਂ ਦਾ ਦੌਰਾ




**ਅੰਮ੍ਰਿਤਸਰ/ਰਾਜਾ ਕੋਟਲੀ**

ਡਿਪਟੀ ਕਮਿਸ਼ਨਰ ਜਲੰਧਰ ਘਨਸ਼ਿਆਮ ਥੋਰੀ, ਜਿਨ੍ਹਾਂ ਨੂੰ ਅੰਮ੍ਰਿਤਸਰ ਵਿਕਾਸ ਅਥਾਰਟੀ ਦੇ ਮੁੱਖ ਪ੍ਰਸਾਸਕ ਦਾ ਵਾਧੂ ਚਾਰਜ ਦਿੱਤਾ ਗਿਆ ਹੈ, ਵੱਲੋਂ ਸ਼ੁੱਕਰਵਾਰ ਨੂੰ ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ ਪੰਜਾਬ ਸਰਕਾਰ ਦੀ ਖਾਲੀ ਸਰਕਾਰੀ ਜ਼ਮੀਨਾਂ ਦੀ ਸਰਬੋਤਮ ਵਰਤੋਂ (ਓ.ਯੂ.ਵੀ.ਜੀ.ਐਲ.) ਸਕੀਮ ਅਧੀਨ ਵੱਖ-ਵੱਖ ਰਿਹਾਇਸ਼ੀ ਅਤੇ ਵਪਾਰਕ ਸਾਈਟਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਵਧੀਕ ਮੁੱਖ ਪ੍ਰਸਾਸਕ ਲਵਜੀਤ ਕਲਸੀ ਵੱਲੋਂ ਮੁੱਖ ਪ੍ਰਸਾਸਕ ਘਨਸ਼ਿਆਮ ਥੋਰੀ ਦਾ ਏ.ਡੀ.ਏ. ਦਫਤਰ ਵਿਖੇ ਪਹੁੰਚਣ 'ਤੇ ਸਵਾਗਤ ਕੀਤਾ ਗਿਆ। ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ ਮੁੱਖ ਪ੍ਰਸਾਸਕ ਅੰਮ੍ਰਿਤਸਰ ਵਿਕਾਸ ਅਥਾਰਟੀ (ਏ.ਡੀ.ਏ.) ਵੱਲੋਂ ਟ੍ਰਿਲੀਅਮ ਮਾਲ ਨੇੜੇ ਮੈਂਟਲ ਹਸਪਤਾਲ, ਸ੍ਰੀ ਗੁਰੂ ਰਾਮ ਦਾਸ ਅਰਬਨ ਇਸਟੇਟ (ਓਲਡ ਜੇਲ ਸਾਈਟ), ਪੁੱਡਾ ਐਵੇਨਿਊ, ਰਣਜੀਤ ਐਵੀਨਿਊ ਸੈਕਟਰ-4 ਵਿਖੇ ਕਮਰਸ਼ੀਅਲ ਜਗ੍ਹਾ, ਕੈਨਾਲ ਕਲੋਨੀ, ਇਰੀਗੇਸ਼ਨ ਅਤੇ ਮਿਲਕਫੈੱਡ ਵੇਰਕਾ, ਸਿਵਲ ਹਸਪਤਾਲ ਬਟਾਲਾ ਸਮੇਤ ਹੋਰਨਾਂ ਥਾਵਾਂ ਵਿਖੇ ਗਰੁੱਪ ਹਾਊਸਿੰਗ, ਐਸ.ਸੀ.ਓ., ਸਕੂਲ ਸਾਈਟਸ, ਦੁਕਾਨਾਂ, ਪਲਾਟ, ਬੂਥਾਂ ਸਮੇਤ ਰਿਹਾਇਸ਼ੀ ਅਤੇ ਵਪਾਰਕ ਜਾਇਦਾਦਾਂ ਦਾ ਦੌਰਾ ਕੀਤਾ ਗਿਆ। ਘਨਸ਼ਿਆਮ ਥੋਰੀ ਨੇ ਕਰੋੜਾਂ ਰੁਪਏ ਦੀ ਲੰਬਿਤ ਬਕਾਇਆ ਰਾਸ਼ੀ ਦਾ ਨੋਟਿਸ ਲੈਂਦਿਆਂ ਲਾਇਸੰਸਸ਼ੁਦਾ ਅਤੇ ਅਣ-ਅਧਿਕਾਰਤ ਕਾਲੋਨਾਈਜਰਾਂ ਵਿਰੁੱਧ ਲੰਬਿਤ ਬਕਾਏ ਦੇ ਕੇਸ ਪੇਸ਼ ਕਰਨ ਦੇ ਨਿਰਦੇਸ ਦਿੱਤੇ ਤਾਂ ਜੋ ਇਹ ਮੋਟੀ ਰਕਮ ਸਰਕਾਰੀ ਖਜਾਨੇ ਵਿੱਚ ਜਮ੍ਹਾ ਕਰਵਾਈ ਜਾ ਸਕੇ। ਉਨ੍ਹਾਂ ਨੂੰ ਇਹ ਵੀ ਦੱਸਿਆ ਗਿਆ ਕਿ ਕੈਨਾਲ ਕਲੋਨੀ ਅੰਮ੍ਰਿਤਸਰ 24.24 ਏਕੜ ਰਕਬੇ ਵਿੱਚ ਫੈਲੀ ਹੋਈ ਹੈ, ਜਿਸ ਵਿੱਚ 86 ਰਿਹਾਇਸ਼ੀ ਪਲਾਟ ਹਨ, ਜਿਨ੍ਹਾਂ ਵਿੱਚੋਂ ਇੱਕ ਮਲਟੀਯੂਜ ਸਾਈਟ ਤੋਂ ਇਲਾਵਾ 76 ਵਿਕ ਚੁੱਕੇ ਹਨ ਅਤੇ 54 ਐਸ.ਸੀ.ਓ. ਸਾਈਟਾਂ ਵਿੱਚੋਂ 12 ਵਿਕ ਚੁੱਕੀਆਂ ਹਨ ਅਤੇ ਇੱਕ ਪੈਟਰੋਲ ਪੰਪ ਲਈ ਸਾਈਟ ਹੈ। ਇਸੇ ਤਰ੍ਹਾਂ ਗੁਰੂ ਰਾਮ ਦਾਸ ਅਰਬਨ ਅਸਟੇਟ (109 ਏਕੜ) ਵਿੱਚ ਸਕੂਲ ਲਈ ਇੱਕ ਰਾਖਵੀਂ ਜਗ੍ਹਾ, 499 ਰਿਹਾਇਸ਼ੀ ਪਲਾਟਾਂ ਵਿੱਚੋਂ 226 ਵਿਕ ਚੁੱਕੇ ਹਨ ਅਤੇ 273 ਖਾਲੀ ਪਏ ਹਨ ਅਤੇ 36 ਐਸ.ਸੀ.ਓ. ਸਾਈਟਾਂ ਵਿੱਚੋਂ 15 ਵੇਚੀਆਂ ਗਈਆਂ ਹਨ। ਇਸੇ ਤਰ੍ਹਾਂ ਮੈਂਟਲ ਹਸਪਤਾਲ ਦੀ ਸਾਈਟ (31.58 ਏਕੜ) ਵਿੱਚ ਇੱਕ ਚੰਕ ਸਾਈਟ, 35 ਐਸ.ਸੀ.ਓ. ਸਾਈਟਾਂ, 23 ਬੂਥ ਅਤੇ 38 ਰਿਹਾਇਸ਼ੀ ਪਲਾਟ ਹਨ। ਮਿਲਕ ਯੂਨੀਅਨ ਸਾਈਟ ਵਿੱਚ 31 ਐਸ.ਸੀ.ਓ. ਸਾਈਟਾਂ ਵਿੱਚੋਂ 19 ਅਤੇ ਸੱਤ ਦੁਕਾਨਾਂ ਦੀਆਂ ਸਾਈਟਾਂ ਵਿੱਚੋਂ ਪੰਜ ਵਿਕ ਚੁੱਕੀਆਂ ਹਨ ਅਤੇ ਇੱਕ ਮਲਟੀਯੂਜ਼ ਸਾਈਟ ਖਾਲੀ ਪਈ ਹੈ।ਉਨ੍ਹਾਂ ਨੂੰ ਇਹ ਵੀ ਦੱਸਿਆ ਗਿਆ ਕਿ ਪੁੱਡਾ ਐਵੇਨਿਊ ਵਿੱਚ 43 ਦੁਕਾਨਾਂ ਹਨ, ਜਿਨ੍ਹਾਂ ਵਿੱਚੋਂ ਛੇ ਖਾਲੀ ਪਈਆਂ ਹਨ, 214 ਰਿਹਾਇਸ਼ੀ ਪਲਾਟਾ ਵਿੱਚੋਂ 193 ਵੇਚੇ ਗਏ ਹਨ ਅਤੇ ਇੱਕ ਸਕੂਲ ਦੀ ਸਾਈਟ ਹੈ। ਸਿਵਲ ਹਸਪਤਾਲ ਬਟਾਲਾ ਵਿਖੇ 9 ਐਸ.ਸੀ.ਓ. ਸਾਈਟਾਂ ਵਿੱਚੋਂ 7 ਵਿਕ ਚੁੱਕੀਆਂ ਹਨ ਅਤੇ 27 ਦੁਕਾਨਾਂ ਦੀਆਂ 12 ਸਾਈਟਾਂ ਵਿੱਚੋਂ 12 ਖਾਲੀ ਪਈਆਂ ਹਨ। ਮੁੱਖ ਪ੍ਰਸਾਸਕ ਨੇ ਉਨ੍ਹਾਂ ਨੂੰ ਢੁੱਕਵੀਆਂ ਥਾਵਾਂ 'ਤੇ ਨਿਲਾਮੀ ਲਈ ਪ੍ਰਕਿਰਿਆ ਸ਼ੁਰੂ ਕਰਨ ਦੇ ਵੀ ਨਿਰਦੇਸ ਦਿੱਤੇ। ਘਨਸ਼ਿਆਮ ਥੋਰੀ ਨੇ ਅੱਗੇ ਕਿਹਾ ਕਿ ਪੁੱਡਾ ਵੱਲੋਂ ਮਾਨਤਾ ਪ੍ਰਾਪਤ ਸਾਈਟਾਂ ਵਿਖੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਨਿਰਧਾਰਤ ਸਮੇਂ ਵਿੱਚ ਹੱਲ ਕੀਤਾ ਜਾਣਾ ਚਾਹੀਦਾ ਹੈ। ਇਸ ਤੋਂ ਪਹਿਲਾਂ ਘਨਸ਼ਿਆਮ ਥੋਰੀ ਨੇ ਚੱਲ ਰਹੇ ਵਿਕਾਸ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜਾ ਲੈਣ ਲਈ ਏ.ਡੀ.ਏ. ਦੇ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ।

# ਸਹਿਰ ਮੋਗਾ ਤੋਂ ਰੋਜਾਨਾ ਜਾਇਆ ਕਰੇਗੀ ਨਵੀਂ ਦਿੱਲੀ ਹਵਾਈ ਅੱਡੇ ਤੱਕ ਸੁਪਰ ਲਗਜ਼ਰੀ ਬੱਸ

**ਮੋਗਾ/ਦਵਿੰਦਰ ਸਿੰਘ ਬਿੱਟੂ**

ਸੂਬੇ ਵਿੱਚ ਟਰਾਂਸਪੋਰਟ ਮਾਫ਼ੀਆ ਦੀ ਕਬਰ ਪੁੱਟਦਿਆਂ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਪੰਜਾਬ ਤੋਂ 15 ਜੂਨ ਨੂੰ ਨਵੀਂ ਦਿੱਲੀ ਹਵਾਈ ਅੱਡੇ ਤੱਕ ਸੁਪਰ ਲਗਜ਼ਰੀ ਵੋਲਵੋ ਬੱਸਾਂ ਸ਼ੁਰੂ ਹੋਣਗੀਆਂ। ਮੁੱਖ ਮੰਤਰੀ ਦੇ ਇਸ ਐਲਾਨ ਦਾ ਜ਼ਿਲ੍ਹਾ ਮੋਗਾ ਵਾਸੀਆਂ ਨੂੰ ਬਹੁਤ ਲਾਭ ਹੋਵੇਗਾ।

ਇਹ ਜਾਣਕਾਰੀ ਦਿੰਦਿਆਂ ਪੰਜਾਬ ਰੋਡਵੇਜ ਮੋਗਾ ਡੀਪੂ ਦੇ ਜਨਰਲ ਮੈਨੇਜਰ ਸ੍ਰੀ ਸੁਭਾਸ ਚੰਦਰ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ ਮਾਲਵਾ ਦੇ ਬਾਕੀ ਜ਼ਿਲ੍ਹਿਆਂ ਨਾਲੋਂ ਸਭ ਤੋਂ ਵੱਧ ਐਨ ਆਰ ਆਈ ਪਰਿਵਾਰ ਰਹਿੰਦੇ ਹਨ। ਜਿਸ ਕਾਰਨ ਜ਼ਿਲ੍ਹਾ ਮੋਗਾ ਨੂੰ ਇਸ ਦਾ ਬਹੁਤ ਲਾਭ ਮਿਲੇਗਾ। ਉਹਨਾਂ ਕਿਹਾ ਕਿ ਕੋਸ਼ਿਸ਼ ਹੈ ਕਿ ਸਹਿਰ ਮੋਗਾ ਤੋਂ ਰੋਜਾਨਾ ਇਕ ਲਗਜਰੀ ਬੱਸ ਦਿੱਲੀ ਹਵਾਈ ਅੱਡੇ ਲਈ ਚਲਾਈ ਜਾਵੇ। ਇਸ ਲਈ ਟਰਾਂਸਪੋਰਟ ਵਿਭਾਗ ਨੂੰ ਪਰਮਿਟ ਜਾਰੀ ਕਰਨ ਲਈ ਲਿਖਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਹ ਬੱਸ ਰੋਜਾਨਾ ਮੋਗਾ ਦੇ ਮੁੱਖ ਬੱਸ ਸਟੈਂਡ ਤੋਂ ਸਵੇਰੇ 9 ਵਜੇ ਚੱਲਿਆ ਕਰੇਗੀ ਅਤੇ 8 ਘੰਟਿਆਂ ਵਿੱਚ ਦਿੱਲੀ ਹਵਾਈ ਅੱਡੇ ਪਹੁੰਚਿਆ ਕਰੇਗੀ। ਉਸ ਉਪਰੰਤ ਰਾਤ ਨੂੰ 11 ਵਜੇ ਤੱਕ ਫਲਾਇਟਾਂ ਦੀ ਉਡੀਕ ਕਰਕੇ ਵਾਪਿਸ ਮੋਗਾ ਲਈ ਚੱਲਿਆ ਕਰੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਬੱਸਾਂ ਦੀ ਬੁਕਿੰਗ ਪੰਜਾਬ ਰੋਡਵੇਜ ਅਤੇ ਪਨਬੱਸ ਦੀਆਂ ਵੈੱਬਸਾਈਟਾਂ ਤੋਂ ਬਹੁਤ ਸੌਖੇ ਢੰਗ ਨਾਲ ਕੀਤੀ ਜਾ ਸਕਦੀ ਹੈ। ਇਨ੍ਹਾਂ ਬੱਸਾਂ ਦੇ ਆਉਣ-ਜਾਣ ਦਾ ਸਮਾਂ ਸਾਰਣੀ ਵੀ ਵੈੱਬਸਾਈਟਾਂ ਤੇ ਉਪਲਬਧ ਹੋਵੇਗਾ।

ਉਹਨਾਂ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਦੇ ਐਲਾਨ ਮੁਤਾਬਿਕ ਬੱਸ ਵਿਚ ਵੱਧ ਤੋਂ ਵੱਧ ਸਹੂਲਤਾਂ ਮੁਹਈਆ ਕਰਵਾਈਆਂ ਜਾਣਗੀਆਂ। ਕਿਰਾਇਆ ਵੀ ਨਿੱਜੀ ਬੱਸਾਂ ਤੋਂ ਅੱਧਾ ਲੱਗੇਗਾ। ਦੱਸਣਯੋਗ ਹੈ ਕਿ ਵੋਲਵੋ ਬੱਸ ਸੇਵਾ ਸ਼ੁਰੂ ਕਰਨ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਸਾਨੂੰ ਲੋਕਾਂ ਨੇ ਮਾਫ਼ੀਆ ਦੇ ਖ਼ਾਤਮੇ ਲਈ ਸੂਬੇ ਵਿੱਚ ਸੇਵਾ ਕਰਨ ਲਈ ਫਤਵਾ ਦਿੱਤਾ ਹੈ। ਉਹਨਾਂ ਕਿਹਾ ਕਿ ਹੁਣ ਟਰਾਂਸਪੋਰਟ ਮਾਫ਼ੀਆ ਬੀਤੇ ਦੀ ਗੱਲ ਬਣ ਜਾਵੇਗਾ।"

ਮੁੱਖ ਮੰਤਰੀ ਨੇ ਝੋਰਾ ਪ੍ਰਗਟਾਇਆ ਕਿ ਦਹਾਕਿਆਂ ਤੋਂ ਸਿਰਫ਼ ਪ੍ਰਾਈਵੇਟ ਟਰਾਂਸਪੋਰਟ ਮਾਫ਼ੀਆ ਹੀ ਇਸ ਰੂਟ ਉਤੇ ਬੱਸਾਂ ਚਲਾ ਰਿਹਾ ਸੀ ਅਤੇ ਆਪਣੀ ਮਨਮਰਜ਼ੀ ਨਾਲ ਕਿਰਾਇਆ ਵਸੂਲ ਕੇ ਲੋਕਾਂ ਨੂੰ ਲੁੱਟ ਰਿਹਾ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਲੋਕਾਂ ਨੇ ਇਸ ਕਾਰੋਬਾਰ ਉਤੇ ਇਜਾਰੇਦਾਰੀ ਕਾਇਮ ਕਰ ਲਈ ਸੀ ਅਤੇ ਲੋਕਾਂ ਦਾ ਸ਼ੋਸ਼ਣ ਕਰ ਰਹੇ ਸਨ। ਇਹ ਵੀ ਦੱਸਣਯੋਗ ਹੈ ਕਿ ਵਿਦੇਸ਼ਾਂ ਤੋਂ ਪੰਜਾਬ ਆਉਣ ਵਾਲੇ ਵੱਡੀ ਗਿਣਤੀ ਪਰਵਾਸੀ ਭਾਰਤੀ ਹਮੇਸ਼ਾ ਇਹ ਸ਼ਿਕਾਇਤ ਕਰਦੇ ਸਨ ਕਿ ਕਿਉਂ ਸਿਰਫ਼ ਪ੍ਰਾਈਵੇਟ ਟਰਾਂਸਪੋਰਟਰਾਂ ਨੂੰ ਹੀ ਇਸ ਰੂਟ ਉਤੇ ਬੱਸਾਂ ਚਲਾਉਣ ਦਾ ਹੱਕ ਹੈ ਅਤੇ ਕਿਉਂ ਪੰਜਾਬ ਸਰਕਾਰ ਇਨ੍ਹਾਂ ਰੂਟਾਂ ਉਤੇ ਬੱਸਾਂ ਨਹੀਂ ਚਲਾ ਰਹੀ।

# ਨੂਪੁਰ ਸ਼ਰਮਾ ਅਤੇ ਨਵੀਨ ਜਿੰਦਲ ਵੱਲੋਂ ਕੀਤੀਆਂ ਟਿੱਪਣੀਆਂ ਵਿਰੁੱਧ ਮੁਸਲਿਮ ਵੈਲਫੇਅਰ ਸੁਸਾਇਟੀ ਵੱਲੋਂ ਰੋਸ਼ ਪ੍ਰਦਰਸ਼ਨ




**ਰਾਏਕੋਟ/ਗੁਰਭਿੰਦਰ ਗੁਰੀ**


ਭਾਜਪਾ ਦੀ ਸਾਬਕਾ ਬੁਲਾਰੇ ਨੂਪੁਰ ਸ਼ਰਮਾ ਅਤੇ ਨਵੀਨ ਜਿੰਦਲ ਵੱਲੋਂ ਇਸਲਾਮ ਧਰਮ ਦੇ ਆਖਰੀ ਨਬੀ ਹਜਰਤ ਮੁਹੰਮਦ ਸਾਹਿਬ ਵਿਰੁੱਧ ਕੀਤੀਆਂ ਗਈਆਂ ਅਪਮਾਨਜਨਕ ਟਿੱਪਣੀਆਂ ਵਿਰੁੱਧ ਅੱਜ ਮੁਸਲਿਮ ਵੈਲਫੇਅਰ ਸੁਸਾਇਟੀ ਰਾਏਕੋਟ ਵੱਲੋਂ ਖਜੂਰੀਆ ਮਸਜਿਦ ਰਾਏਕੋਟ ਵਿਖੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਅਤੇ ਉਕਤ ਦੋਸ਼ੀਆਂ ਦੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕਰਨ ਲਈ ਇੱਕ ਮੰਗ ਪੱਤਰ ਨਾਇਬ ਤਹਿਸੀਲਦਾਰ ਕਰਮਜੀਤ ਸਿੰਘ ਖੱਟੜਾ ਅਤੇ ਡੀ ਐਸ ਪੀ ਰਾਜਵਿੰਦਰ ਸਿੰਘ ਨੂੰ ਦਿੱਤਾ ਗਿਆ!

ਇਸ ਮੌਕੇ ਮੁਸਲਿਮ ਆਗੂਆਂ ਮੌਲਵੀ ਮੁਹੰਮਦ ਮੁਰਸਲੀਨ ਬੱਸੀਆਂ, ਮੁਹੰਮਦ ਇਮਰਾਨ ਪ੍ਰਧਾਨ ਮੁਸਲਿਮ ਵੈਲਫੇਅਰ ਸੁਸਾਇਟੀ, ਮਨਸਾ ਖਾਨ ਨੱਥੋਵਾਲ ਨੇ ਕਿਹਾ ਕਿ ਹਜਰਤ ਮੁਹੰਮਦ ਸਾਹਿਬ ਅਲਾੱਹ ਦੇ ਆਖਰੀ ਨਬੀ ਹਨ ਜਿਹਨਾਂ ਨੂੰ ਪੂਰੀ ਦੁਨੀਆ ਦੇ ਮੁਸਲਮਾਨ ਆਪਣੀ ਜਾਨ ਨਾਲੋਂ ਜ਼ਿਆਦਾ ਪਿਆਰ ਅਤੇ ਸਤਿਕਾਰ ਕਰਦੇ ਹਨ ਪੂਰੀ ਦੁਨੀਆ ਦੇ ਮੁਸਲਮਾਨ ਆਪਣੇ ਪਿਆਰੇ ਨਬੀ ਦੀ ਸ਼ਾਨ ਨੂੰ ਬਰਕਰਾਰ ਰੱਖਣ ਲਈ ਹਰ ਤਰ੍ਹਾਂ ਦੀ ਕੁਰਬਾਨੀ ਦੇਣ ਲਈ ਤਿਆਰ ਬੈਠੇ ਹਨ ਇਸ ਲਈ ਸਰਕਾਰਾਂ ਨੂੰ ਚਾਹੀਦਾ ਹੈ ਕਿ ਇਹੋ ਅਜਿਹੇ ਲੀਡਰਾਂ ਨੂੰ ਲਗਾਮ ਪਾ ਕੇ ਰੱਖਣ ਜਿਸ ਨਾਲ ਸਾਡੇ ਦੇਸ਼ ਦਾ ਆਪਸੀ ਭਾਈਚਾਰਾ ਕਾਇਮ ਰਹੇ! ਮੁਹੰਮਦ ਸਾਹਿਬ ਨੇ ਪੂਰੀ ਦੁਨੀਆ ਨੂੰ ਆਪਸੀ ਭਾਈਚਾਰਾ ਕਾਇਮ ਰੱਖਣ ਅਤੇ ਸ਼ਾਂਤੀ ਦਾ ਸੰਦੇਸ਼ ਦਿੱਤਾ ਹੈ ਪ੍ਰੰਤੂ ਭਾਜਪਾ ਆਗੂਆਂ ਵੱਲੋਂ ਮੁਹੰਮਦ ਸਾਹਿਬ ਦੀ ਸ਼ਾਨ ਵਿਰੁੱਧ ਟਿੱਪਣੀਆਂ ਕਰਕੇ ਸਾਰੀ ਦੁਨੀਆ ਚ ਸਾਡੇ ਮੁਲਕ ਦਾ ਸਿਰ ਨੀਵਾਂ ਕਰ ਦਿੱਤਾ ਹੈ, ਇਸ ਮੌਕੇ ਮੁਹੰਮਦ ਅਖਤਰ ਜੁਬੇਰੀ, ਮੌਲਵੀ ਮੁਹੰਮਦ ਮੱਖਣ, ਮੁਹੰਮਦ ਜਾਫਰ, ਮੁਹੰਮਦ ਇਕਬਾਲ ਬੱਬੂ, ਮੁਹੰਮਦ ਆਦਿਲ, ਮੌਲਵੀ ਮੁਹੰਮਦ ਇਸ਼ਫਾਕ, ਜੱਗਾ ਬਰਮੀ, ਨਈਮ ਖਾਨ, ਮੁਹੰਮਦ ਅਰਸ਼ਦ, ਮੁਹੰਮਦ ਯਾਸੀਨ, ਅਲੀ ਜੱਟਪੁਰਾ, ਕਾਰੀ ਸਾਹਿਬ ਬੱਸੀਆਂ, ਮੁਹੰਮਦ ਫਿਰੋਜ਼, ਮੁਹੰਮਦ ਹਸੀਬ, ਮੁਹੰਮਦ ਜਹਾਂਗੀਰ, ਮੁਹੰਮਦ ਮੰਜਰ ਆਦਿ ਤੋ ਇਲਾਵਾ ਵੱਡੀ ਗਿਣਤੀ ਵਿੱਚ ਮੁਸਲਿਮ ਭਾਈਚਾਰੇ ਦੇ ਲੋਕ ਹਾਜ਼ਰ ਸਨ!

# ਚੰਡੀਗੜ ਕਰੇਗਾ ਅੱਠਵੇਂ ਇੰਟਰਨੈਸ਼ਨਲ ਟੂਰਿਜਮ ਐਕਸਪੋ, ਕੋਨਕਲੇਵ ਐਂਡ ਟ੍ਰੇਵਲ ਅਵਾਰਡ ਦੀ ਮੇਜਬਾਨੀ

**ਚੰਡੀਗੜ੍ਹ/ਲੋਕ ਬਾਣੀ**

ਚੰਡੀਗੜ੍ਹ 27 ਜੁਲਾਈ ਨੂੰ ਮੰਨੇ ਪ੍ਰਮੰਨੇ ਆਈਟੀਸੀਟੀਏ ਇੰਟਰਨੈਸ਼ਨਲ ਬੀਟੂਬੀ ਟੂਰਿਜਮ ਐਕਸਪੋ, ਕੋਨਕਲੇਵ ਐਂਡ ਟ੍ਰੇਵਲ ਅਵਾਰਡ ਦੇ ਅੱਠਵੇਂ ਐਡੀਸ਼ਨ ਦੀ ਮੇਜਬਾਨੀ ਕਰੇਗਾ। ਇਸ ਇਕ ਦਿਨੀ ਆਯੋਜਨ ਦਾ ਮੰਤਵ ਇਨਬਾਉਂਡ, ਆਉਟਬਾਉਂਡ ਅਤੇ ਘਰੇਲੂ ਟੂਰਿਜਮ ਨੂੰ ਵਾਧਾ ਦੇਣਾ ਹੈ। ਇਹ ਐਕਸਪੋ ਇਹ ਅਨੋਖਾ ਮੰਚ ਪ੍ਰਦਾਨ ਕਰਵਾਉਂਦਾ ਹੈ ਜਿੱਥੇ ਵੱਡੀ ਸੰਖਿਆ ਵਿਚ ਟੂਰ ਆਪਰਟੇਰ, ਪੂਰੇ ਦੇਸ਼ ਦੇ ਟੂਰਿਜਮ ਉਧਯੋਗ ਦੀ ਆਪਾਰ ਸੰਭਾਵਨਾਵਾਂ ਨੂੰ ਇਕੋ ਹੀ ਤਲ ਤੇ ਪ੍ਰਦਰਸ਼ਤ ਕਰਣ ਦਾ ਪਰਿਆਸ ਕਰੇਗਾ।



ਆਯੋਜਕ ਅਜੈ ਗੁਪਤਾ ਨੇ ਦਸਿਆ ਕਿ ਆਈਟੀਸੀਟੀਏ, ਕ੍ਰਾਸ ਕਲਚਰ ਐਕਸਚੇਂਜ ਦੇ ਰੁਪ ਵਿਚ ਸੈਰ ਸਪਾਟੇ ਨੂੰ ਹੁੰਗਾਰਾ ਭਰਣ ਦੀ ਦਿਸ਼ ਵਿਚ ਅੱਗੇ ਆਇਆ ਹੈ ਜੋ ਕਿ ਟੂਰਿਜਮ ਸੈਕਟਰ ਨੂੰ ਨਵੀਂ ਉਚਾਇਆਂ ਦੇ ਵਲ੍ਹ ਲੈ ਕੇ ਜਾਉਣ ਵਿਚ ਸੱਖਮ ਹੈ। ਇਹ ਆਯੌਜਨ ਲੋਕਾਂ ਦੇ ਨਾਲ ਨਾਲ ਸਾਰਿਆਂ ਸਟੇਕਹੋਲਡਰਾਂ ਨੂੰ ਟੂਰਿਜਮ ਸੈਕਟਰ ਵਿਚ ਬੇਹਤਰ ਵਿਕਲਪ ਅਤੇ ਆਪਸੀ ਵਿਚਾਰ ਸਾਝਾ ਕਰਣ ਵਿਚ ਲਾਭਦਾਇਕ ਸਿੱਧ ਹੋਣਗੇਂ।

ਉਨ੍ਹਾਂ ਨੇ ਦਸਿਆ ਕਿ ਇਸ ਆਯੌਜਨ ਦਾ ਮੁੱਖ ਫੋਕਸ ਐਮਆਈਸੀਈ, ਇਵੇਂਟਸ, ਵੈਡਿੰਗ, ਗੋਲਫ, ਫਿਲਮ ਲੋਕੇਸ਼ਨ, ਵੈਲਨੇਸ ਐਂਡ ਸਪਾ, ਧਾਰਮਿਕ ਅਤੇ ਤੀਰਥ ਯਾਤਰਾ, ਹੈਰਿਟੇਜ ਟੂਰਿਜਮ, ਮਹਿਲਾ ਸ਼ਸਕਤੀਕਰਨ ਤੇ ਹੋਵੇਗਾ। ਐਕਸਪੋ ਦੀ ਮੁੱਖ ਵਿਸ਼ੇਸਤਾ ਵਿਚ ਬੀਟੂਬੀ ਨੇਟਵਰਕਿੰਗ, ਵੈਡਿੰਗ ਪਲਾਨਿੰਗ, ਟ੍ਰੇਵਲ ਟ੍ਰੇਡ ਪ੍ਰੋਫੇਸ਼ਨਲਸ, ਟ੍ਰੇਵਲ ਐਜੇਂਟਸ ਐਂਡ ਟੂਰ ਆਪਰੇਟਰਸ, ਬਾਇਰਸ ਐਂਡ ਸੈਲਰਸ ਮੀਟ ਹੈ। ਇਸ ਆਯੌਜਨ ਨੂੰ ਆਈਏਟੀਓ, ਟੀਏਏਆਈ, ਏਡੀਟੀਓਆਈ, ਟੀਏਐਫਆਈ, ਆਈਏਟੀਏ, ਆਈਟੀਟੀਏ, ਈਟੀਏਏ, ਆਈਟੀਏਏ, ਆਈਏਟੀਟੀਈ, ਆਰਏਟੀਓ, ਪੀਟੀਏਏ, ਐਮਟੀਓਏ, ਈਈਐਮਏ, ਡਬਲਯੂਆਈਸੀਸੀਆਈ, ਆਈਸੀਪੀਬੀ, ਟੀਐਸਸੀ ਅਤੇ ਹੋਰ ਟ੍ਰੇਵਲ ਸੰਗਠਨਾਂ ਦਾ ਸਰਮਥਨ ਪ੍ਰਾਪਤ ਹੈ।

# ਐਸ.ਡੀ.ਐਮ ਬਲਾਚੌਰ ਵੱਲੋਂ ਬਰਸਾਤਾਂ ਦੇ ਮੌਸਮ ਦੀ ਆਮਦ ਨੂੰ ਮੁੱਖ ਰੱਖਦੇ ਹੋਏ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਦਾ ਕੀਤਾ ਗਿਆ ਦੌਰਾ

ਬਰਸਾਤ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਸਬ ਡਵੀਜ਼ਨ ਬਲਾਚੌਰ ਅਧੀਨ ਪੈਂਦੇ ਸੰਭਾਵੀ ਹੜ੍ਹ ਤੋਂ ਪ੍ਰਭਾਵਿਤ ਪਿੰਡਾਂ ਅਤੇ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਦਾ ਅੱਜ ਬਲਾਚੌਰ ਦੇ ਐਸ ਡੀ ਐਮ ਸੂਬਾ ਸਿੰਘ ਸਿੰਘ ਵੱਲੋਂ ਦੌਰਾ ਕੀਤਾ ਗਿਆ। ਇਸ ਮੌਕੇ ਹਰਜਿੰਦਰ ਸਿੰਘ ਅਤੇ , ਉਪ ਮੰਡਲ ਅਫਸਰ ਅਤੇ ਅਤੇ ਹਰਕਮਲ ਹੀਰਾ, ਜੇ ਈ ਡਰੇਨਜ਼ ਵਿਭਾਗ, ਗੜ੍ਹਸ਼ੰਕਰ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।ਐਸ ਡੀ ਐਮ ਸੂਬਾ ਸਿੰਘ ਅਨੁਸਾਰ ਇਸ ਦੌਰੇ ਦਾ ਮੰਤਵ ਧੁੱਸੀ ਬੰਨ੍ਹ ਦੇ ਕਮਜ਼ੋਰ ਅਤੇ ਨਾਜ਼ੁਕ ਥਾਂਵਾਂ ਦੀ ਸਮੀਖਿਆ ਕਰਕੇ, ਉਨ੍ਹਾਂ ਦੀ ਮਜ਼ਬੂਤੀ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕਰਨਾ ਸੀ। ਉਨ੍ਹਾਂ ਦੱਸਿਆ ਕਿ ਪਿੰਡ ਔਲੀਆਪੁਰ ਅਤੇ ਸਾਰੰਗਪੁਰ ਪੰਜ ਪੇਡਾ ਵਿਖੇ ਚੱਲ ਰਹੇ ਬੰਨ੍ਹ ਮਜ਼ਬੂਤੀ ਦੇ ਕੰਮ ਦੇ ਨਿਰੀਖਣ ਮੌਕੇ ਡਰੇਨਜ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਚੱਲ ਰਹੇ ਕੰਮ ਨੂੰ 30 ਜੂਨ, 2022 ਤੱਕ ਮੁਕੰਮਲ ਕੀਤਾ ਜਾਵੇ। ਇਸ ਤੋਂ ਇਲਾਵਾ ਨਰੇਗਾ ਸਕੀਮ ਤਹਿਤ ਕਰਵਾਏ ਜਾ ਰਹੇ ਕਾਰਜਾਂ ਨੂੰ ਵੀ ਤੁਰੰਤ ਪੂਰਾ ਕਰਨ ਲਈ ਕਿਹਾ ਗਿਆ।ਪਿੰਡ ਸਾਰੰਗਪੁਰ ਪੰਜਪੇਡਾ ਅਤੇ ਕਾਠਗੜ੍ਹ ਵਿਖੇ ਹੋਣ ਵਾਲੇ ਕੰਮਾਂ ਨੂੰ ਵੀ ਪਹਿਲ ਦੇ ਅਧਾਰ ’ਤੇ ਪੂਰਾ ਕਰਨ ਦੀ ਹਦਾਇਤ ਦਿੱਤੀ ਗਈ।ਐਸ ਡੀ ਐਮ ਵੱਲੋਂ ਬਰਸਾਤ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਸਾਰੇ ਪ੍ਰਬੰਧ ਪਹਿਲ ਦੇ ਅਧਾਰ ’ਤੇ ਮੁਕੰਮਲ ਕਰਨ ਦੇ ਆਦੇਸ਼ ਦਿੱਤੇ ਗਏ ਜਾਣ ਤਾਂ ਜੋ ਸੰਭਾਵੀ ਹੜ੍ਹ ਦੀ ਮਾਰ ਹੇਠ ਆਉਂਦੇ ਪਿੰਡਾਂ ਦੇ ਲੋਕਾਂ ਨੂੰ ਕਿਸੇ ਵੀ ਪ੍ਰਕਾਰ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਡਰੇਨਜ ਵਿਭਾਗ ਦੇ ਅਧਿਕਾਰੀਆਂ ਨੂੰ ਸੰਭਾਵਿਤ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਖਾਲੀ ਥੈਲਿਆਂ (ਸੈਂਡ ਬੈਗ) ਅਤੇ ਜੇ.ਸੀ.ਬੀ ਆਦਿ ਦਾ ਪ੍ਰਬੰਧ ਵੀ ਅਗਾਊਂ ਰੂਪ ਵਿੱਚ ਕਰਨ ਦੀ ਹਦਾਇਤ ਕੀਤੀ।



# ਪਲੇਸਮੈਂਟ ਕੈਂਪ ਵਿਚ 23 ਪ੍ਰਾਰਥੀਆਂ ਦੀ ਹੋਈ ਚੋਣ



**ਗੁਰਦਾਸਪੁਰ-ਨਵਨੀਤ ਕੁਮਾਰ**

ਪੰਜਾਬ ਸਰਕਾਰ ਦੇ ਮਿਸ਼ਨ ਘਰ ਘਰ ਰੋਜਗਾਰ ਸਕੀਮ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਡਾ.ਅਮਨਦੀਪ ਕੌਰ, ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਬਲਾਕ-ਬੀ, ਕਮਰਾ ਨੰ: 217 ਜਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਇੱਕ ਪਲੇਸਮੈਂਟ ਕੈਂਪ/ਰੋਜਗਾਰ ਮੇਲਾ ਲਗਾਇਆ ਗਿਆ । ਇਸ ਰੋਜਗਾਰ ਮੇਲੇ ਵਿੱਚ ਰਕਸ਼ਾ ਸਕਿਉਰਿਟੀ ਸਰਵਿਸ ਲਿਮ: ਕੰਪਨੀ ਦੇ ਰੀਕਰਿਊਟਮੈਂਟ ਅਸਿਸਟੈਂਟ ਸ਼੍ਰੀ ਸਰੂਪ ਸਿੰਘ ਨੇ ਸ਼ਮੂਲੀਅਤ ਕੀਤੀ ।ਰੋਜਗਾਰ ਮੇਲੇ ਵਿੱਚ ਸਕਿਉਰਟੀ ਗਾਰਡ ਦੀ ਭਰਤੀ ਲਈ 43 ਪ੍ਰਾਰਥੀਆ ਨੇ ਹਿੱਸਾ ਲਿਆ । ਰੀਕਰਿਊਟਮੈਂਟ ਅਸਿਸਟੈਂਟ ਸਰੂਪ ਸਿੰਘ ਵਲੋਂ ਸਕਿਊਰਟੀ ਗਾਰਡ ਦੀ ਭਰਤੀ ਲਈ ਰੋਜਗਾਰ ਕੈਂਪ ਵਿੱਚ ਆਏ ਪ੍ਰਾਰਥੀਆ ਦੀ ਇੰਟਰਵਿਊ ਕੀਤੀ ਗਈ । ਇੰਟਰਿਵਊ ਕਰਨ ਉਪਰੰਤ 23 ਪ੍ਰਾਰਥੀਆ ਦੀ ਚੋਣ ਕੀਤੀ ਗਈ । ਜਿਲ੍ਹਾ ਰੋਜਗਾਰ ਅਫਸਰ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਕੰਪਨੀ ਵਲੋਂ ਚੁਣੇ ਗਏ ਪ੍ਰਾਰਥੀਆ ਨੂੰ 35 ਦਿਨਾਂ ਦੀ ਆਫ-ਲਾਈਨ ਟ੍ਰੇਨਿੰਗ ਰਕਸ਼ਾ ਅਕੈਡਮੀ ਵਿਖੇ ਦਿੱਤੀ ਜਾਵੇਗੀ । ਟ੍ਰੇਨਿੰਗ ਮੁਕੰਮਲ ਹੋਣ ਤੋਂ ਬਾਅਦ 13000 ਤੋਂ 15000/- ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ ।ਇਸ ਤੋਂ ਇਲਾਵਾ ਕੰਪਨੀ ਵਲੋਂ ਫੰਡ, ਬੋਨਸ ਆਦਿ ਵੀ ਦਿੱਤੇ ਜਾਂਦੇ ਹਨ ।ਉਹਨਾਂ ਨੇ ਦੱਸਿਆ ਕਿ ਚੁਣੇ ਗਏ ਪ੍ਰਾਰਥੀਆ ਨੂੰ ਵੱਖ ਵੱਖ ਏਅਰਪੋਰਟ, ਮਲਟੀਨੈਸ਼ਨਲ ਕੰਪਨੀਆ ਆਦਿ ਵਿੱਚ ਜਾਬ ਮੁਹੱਈਆ ਕਰਵਾਈ ਜਾਂਦੀ ਹੈ ।ਉਹਨਾਂ ਨੇ ਅੱਗੇ ਦੱਸਿਆ ਕਿ ਬੇਰੁਜਗਾਰ ਪ੍ਰਾਰਥੀਆ ਨੂੰ ਰੋਜਗਾਰ ਦੇਣ ਲਈ ਇਸ ਤਰ੍ਹਾਂ ਦੇ ਪਲੇਸਮੈਂਟ ਕੈਂਪ ਅਗਾਂਹ ਵੀ ਭਵਿੱਖ ਵਿੱਚ ਲਗਾਏ ਜਾਂਦੇ ਰਹਿਣਗੇ ।ਇਸ ਲਈ ਵੱਧ ਤੋਂ ਵੱਧ ਬੇਰੁਜਗਾਰ ਪ੍ਰਾਰਥੀ ਰੋਜਗਾਰ ਦਫਤਰ ਵਿਖੇ ਆਪਣਾ ਨਾਮ ਰੋਜਗਾਰ ਲਈ ਦਰਜ ਕਰਵਾਉਣ । ਪ੍ਰਾਰਥੀ ਆਨਲਾਈਨ ਵੀ ਵਿਭਾਗ ਦੀ ਵੈਬਸਾਈਟ ..ਤੇ ਵੀ ਆਪਣਾ ਨਾਮ ਦਰਜ ਕਰ ਸਕਦੇ ਹਨ ।

# ਲੋਕ ਸਭਾ ਚ ਸੰਗਰੂਰ ਦੇ ਲੋਕਾਂ ਦੇ ਹੱਕਾਂ ਦੀ ਆਵਾਜ਼ ਚੁੱਕਣਾ ਤੇ ਕੇਂਦਰੀ ਗਰਾਂਟਾਂ ਨੂੰ ਬਰਨਾਲਾ ਸੰਗਰੂਰ ਚ ਲਿਆਉਣਾ ਮੁੱਖ ਪਹਿਲ-ਕੇਵਲ ਢਿੱਲੋਂ



**ਬਰਨਾਲਾ/ਕਰਨਪ੍ਰੀਤ ਧੰਦਰਾਲ**

ਸੰਗਰੂਰ ਲੋਕ ਸਭਾ ਤੋਂ ਭਾਰਤੀ ਜਨਤਾ ਪਾਰਟੀ, ਸ੍ਰੋਮਣੀ ਅਕਾਲੀ ਦਲ ਸੰਯੁਕਤ ਅਤੇ ਪੰਜਾਬ ਲੋਕ ਕਾਂਗਰਸ ਦੇ ਸਾਂਝੇ ਉਮੀਦਵਾਰ ਕੇਵਲ ਸਿੰਘ ਢਿੱਲੋਂ ਵਲੋਂ ਭਾਰਤੀਆਂ ਜਨਤਾ ਪਾਰਟੀ ਦੇ ਆਗੂਆਂ ਵਰਕਰਾਂ ਨੂੰ ਨਾਲ ਲੈ ਕੇ ਆਪਣੀਆਂ ਚੋਣ ਸਰਗਰਮੀਆਂ ਤੇਜ ਕੀਤੀਆਂ ਹੋਈਆਂ ਸਨ। ਹਲਕੇ ਵਿੱਚ ਚੋਣ ਮੀਟਿੰਗਾਂ ਰਾਹੀਂ ਆਪਣਾ ਚੋਣ ਏਜੰਡਾ ਹਲਕੇ ਦੇ ਲੋਕਾਂ ਦਾ ਸਾਹਮਣੇ ਰੱਖਿਆ ਉਹਨਾਂ ਕਿਹਾ ਕੇਵਲ ਢਿੱਲੋਂ ਜੋ ਕਹਿੰਦਾ ਉਹ ਕਰਦਾ ਹੈ ਹੁਣ ਕੇਂਦਰੀ ਸਕੀਮਾਂ ਦਾ ਬਰਨਾਲਾ ਸੰਗਰੂਰ ਚ ਪਸਾਰਾ ਵਧੇਗਾ ! ਕੇਵਲ ਸਿੰਘ ਢਿੱਲੋਂ ਨੇ ਆਪਣੇ ਏਜੰਡੇ ਦੀ ਗੱਲ ਕਰਦੇ ਹੋਏ ਕਿਹਾ ਕਿ ਸੰਗਰੂਰ ਵਿੱਚ ਲਗਭਗ 150 ਕਿਲੋਮੀਟਰ ਦੇ ਘੇਰੇ ਵਿੱਚ ਕੋਈ ਹਵਾਈ ਅੱਡਾ ਨਹੀਂ ਹੈ। ਵਿਦੇਸ ਜਾਣ ਵਾਲੇ ਨੌਜਵਾਨਾਂ ਦੀ ਵੱਡੀ ਗਿਣਤੀ ਇਸ ਵਿਸਾਲ ਹਲਕੇ ਤੋਂ ਹੈ। ਉਨ੍ਹਾਂ ਨੂੰ ਵਿਦੇਸ ਜਾਣ ਸਮੇਂ ਉਡਾਣਾਂ ਫੜਨ ਲਈ ਅੰਮ੍ਰਿਤਸਰ, ਚੰਡੀਗੜ੍ਹ ਜਾਂ ਦਿੱਲੀ ਵਰਗੇ ਵੱਡੇ ਸਹਿਰਾਂ ਵਿੱਚ ਜਾਣ ਸਮੇਂ ਭਾਰੀ ਖੱਜਲ-ਖੁਆਰੀ ਝੱਲਣੀ ਪੈਂਦੀ ਹੈ ਅਤੇ ਭਾਰੀ ਖਰਚਾ ਵੀ ਝੱਲਣਾ ਪੈਂਦਾ ਹੈ। ਜਿਸ ਨਾਲ ਵੱਡੇ ਨਿਵੇਸ ਹੋਣ ਕਰਕੇ ਨੌਕਰੀਆਂ ਅਤੇ ਰੁਜਗਾਰ ਪ੍ਰਾਪਤ ਕਰਨ ਵਿੱਚ ਬਹੁਤ ਮੱਦਦ ਹੋਵੇਗੀ ਅਤੇ ਇਸ ਨਾਲ ਵਿਦੇਸਾਂ ਨੂੰ ਜਾ ਰਹੇ ਮਾਲਵਾ ਖੇਤਰ ਦੇ ਨੌਜਵਾਨਾਂ ਦਾ ਪੰਜਾਬ ਵਿੱਚ ਹੀ ਬਿਹਤਰ ਭਵਿੱਖ ਹੋ ਸਕੇਗਾ। ਇਸਤੋਂ ਇਲਾਵਾ ਸਾਡਾ ਮਾਲਵਾ ਖੇਤਰ ਦੇਸ ਦੇ ਅਨਾਜ ਖੁਰਾਕ ਚ ਸਭ ਤੋਂ ਵੱਧ ਅਨਾਜ ਪੈਦਾ ਹੁੰਦਾ ਹੈ। ਇਸ ਖੇਤਰ ਦੀ ਜ?ਿਆਦਾਤਰ ਆਬਾਦੀ ਕਿਸਾਨ ਹੈ। ਇੱਕ ਘਰੇਲੂ/ਅੰਤਰਰਾਸਟਰੀ ਹਵਾਈ ਅੱਡੇ ਦੇ ਨਾਲ ਇੱਕ ਕਾਰਗੋ ਟਰਮੀਨਲ ਹੋਣ ਨਾਲ ਉਹਨਾਂ ਨੂੰ ਆਪਣੀ ਖੇਤੀ ਉਪਜ ਨੂੰ ਅੰਤਰਰਾਸਟਰੀ ਬਜਾਰਾਂ ਵਿੱਚ ਨਿਰਯਾਤ ਕਰਨ ਵਿੱਚ ਮੱਦਦ ਮਿਲੇਗੀ ਅਤੇ ਉਹਨਾਂ ਦੀ ਆਮਦਨ ਨੂੰ ਹੁਲਾਰਾ ਮਿਲੇਗਾ ਅਤੇ ਇਸ ਖੇਤਰ ਵਿੱਚ ਵਧੇਰੇ ਫੂਡ ਪ੍ਰੋਸੈਸਿੰਗ ਉਦਯੋਗ ਨੂੰ ਉਤਸਾਹਿਤ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ, "ਮੈਂ ਇਸ ਮੁੱਦੇ ਨੂੰ ਪਹਿਲਾਂ ਹੀ ਸਾਡੇ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ, ਗ੍ਰਹਿ ਮੰਤਰੀ ਅਮਿਤ ਸਾਹ ਜੀ ਅਤੇ ਹਵਾਬਾਜੀ ਮੰਤਰੀ ਜੋਤੀਰਾਦਿੱਤਿਆ ਸਿੰਧੀਆ ਜੀ ਦੇ ਧਿਆਨ ਵਿੱਚ ਲਿਆ ਚੁੱਕਾ ਹਾਂ ਅਤੇ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਪੱਤਰ ਲਿਖ ਕੇ ਘਰੇਲੂ ਅਤੇ ਅੰਤਰਰਾਸਟਰੀ ਸਥਾਪਤ ਕਰਨ ਦੀ ਅਪੀਲ ਕੀਤੀ ਹੈ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਮੈਂ ਆਪਣੇ ਇਲਾਕੇ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣ ਲਈ ਰਾਜਨੀਤੀ ਵਿੱਚ ਸਾਮਲ ਹੋਇਆ ਹਾਂ ਅਤੇ ਹਲਕੇ ਦੇ ਆਰਥਿਕ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗਾ, ਜਿਸ ਨਾਲ ਲੋਕਾਂ ਨੂੰ ਰੁਜਗਾਰ ਅਤੇ ਨੌਜਵਾਨਾਂ ਨੂੰ ਬਿਹਤਰ ਭਵਿੱਖ ਦੇ ਮੌਕੇ ਮਿਲ ਸਕਣਗੇ। ਇਸ ਮੌਕੇ ਉਹਨਾਂ ਨਾਲ ਸਾਬਕਾ ਮਾਰਕੀਟ ਚੇਅਰਮੈਨ ,ਅਸ਼ੋਕ ਕੁਮਾਰ ਮਿੱਤਲ ,ਨਗਰ ਕੌਂਸਲ ਮੀਤ ਪ੍ਰਧਾਨ ਨਰਿੰਦਰ ਗਰਗ ਨੀਟਾ,,ਧੀਰਜ ਕੁਮਾਰ ਦੱਧਾਹੂਰ,ਜੀਵਨ ਕੁਮਾਰ ਹਾਜਰ ਸਨ।

## ਜਨਮ ਦਿਨ ਮੁਬਾਰਕ



**ਗੁਰਨੂਰ ਸਿੰਘ**
ਪਿਤਾ ਦਾ ਨਾਮ : ਸ਼ਮਿੰਦਰ ਸਿੰਘ
ਮਾਤਾ ਦਾ ਨਾਂ : ਪਰਮਜੀਤ ਕੌਰ
(ਕਮਿਊਨਿਟੀ ਹੈਲਥ ਅਫਸਰ)
ਰਾਮਪੁਰਾ ਪਿੰਡ, ਜਿਲ੍ਹਾ ਬਠਿੰਡਾ।

## ਟਰਾਂਸਪੋਰਟ ਮੰਤਰੀ ਕਰ ਰਿਹੈ ਫੁਕਰਾਪੰਤੀ : ਸੁਖਪਾਲ ਖਹਿਰਾ

**ਚੰਡੀਗੜ੍ਹ/ਲੋਕ ਬਾਣੀ**

ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਿਆ ਹੈ। ਇਸ 'ਤੇ ਸਿਆਸੀ ਰਿਐਕਸ਼ਨ ਆਉਣੇ ਸ਼ੁਰੂ ਹੋ ਗਏ ਹਨ। ਸੁਖਪਾਲ ਖਹਿਰਾ ਨੇ ਲਾਲਜੀਤ ਭੁੱਲਰ 'ਤੇ ਤਨਜ ਕੱਸਿਆ ਹੈ। ਉਨ੍ਹਾਂ ਨੇ ਫੇਸਬੁੱਕ ਪੋਸਟ ਸ਼ੇਅਰ ਕੀਤੀ ਹੈ ਤੇ ਲਿਖਿਆ ਹੈ ਕਿ ਇਕ ਚੋਰੀ ਉਤੋਂ ਸੀਨਾਜੋਰੀ ਟਰਾਂਸਪੋਰਟ ਮੰਤਰੀ 84 ਦੀ ਉਲੰਘਣਾ ਕਰ ਰਿਹਾ ਹੈ। ਫੁਕਰਾਪੰਤੀ ਕਰ ਰਿਹਾ ਹੈ।

# ਜਿਲ੍ਹਾ ਪੱਧਰੀ ਰੈਲੀ ਨੂੰ ਵਿਧਾਇਕ ਜੰਗੀਲਾਲ ਮਹਾਜਨ ਕਰਣਗੇ ਸੰਬੋਧਨ : ਰਾਜੇਸ਼ ਪਾਸੀ

## ਭਾਜਪਾ ਮੰਡਲ ਪ੍ਰਧਾਨ ਚੇਤਨ ਸੂਰੀ ਦੀ ਪ੍ਰਧਾਨਗੀ ਵਿੱਚ ਆਯੋਜਿਤ ਮੀਟਿੰਗ ਵਿੱਚ ਰੈਲੀ ਨੂੰ ਸਫਲ ਬਣਾਉਣ ਲਈ ਲਗਾਇਆ ਡਿਊਟੀਆ



**ਕਪੂਰਥਲਾ/ਲੋਕ ਬਾਣੀ**

ਭਾਰਤੀ ਜਨਤਾ ਪਾਰਟੀ ਮੰਡਲ ਕਪੂਰਥਲਾ ਦੀ ਵਿਸ਼ੇਸ਼ ਮੀਟਿੰਗ 12 ਜੂਨ ਨੂੰ ਸਹਨਾਈ ਪੈਲੇਸ ਵਿੱਚ ਆਯੋਜਿਤ ਹੋਣ ਵਾਲੀ ਰੈਲੀ ਦੇ ਸਬੰਧ ਵਿੱਚ ਮੰਡਲ ਪ੍ਰਧਾਨ ਚੇਤਨ ਸੂਰੀ ਦੀ ਪ੍ਰਧਾਨਗੀ ਵਿੱਚ ਹੋਈ।ਜਿਸ ਵਿੱਚ ਜਿਲ੍ਹਾ ਪ੍ਰਧਾਨ ਰਾਜੇਸ਼ ਪਾਸੀ ਵਿਸ਼ੇਸ਼ ਰੂਪ ਤੇ ਸ਼ਾਮਲ ਹੋਏ।ਭਾਜਪਾ ਮੰਡਲ ਪ੍ਰਧਾਨ ਚੇਤਨ ਸੂਰੀ ਦੀ ਪ੍ਰਧਾਨਗੀ ਵਿੱਚ ਆਯੋਜਿਤ ਮੀਟਿੰਗ ਵਿੱਚ 12 ਜੂਨ ਦਿਨ ਐਤਵਾਰ ਨੂੰ ਹੋਣ ਵਾਲੀ ਜਿਲ੍ਹਾ ਪੱਧਰੀ ਰੈਲੀ ਦੀਆਂ ਤਿਆਰੀਆਂ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਅਹੁਦੇਦਾਰਾਂ ਨੂੰ ਰੈਲੀ ਸਫਲ ਬਣਾਉਣ ਲਈ ਕੰਮ ਆਵੰਟਿਤ ਕੀਤਾ ਗਿਆ।ਜਾਣਕਾਰੀ ਦਿੰਦੇ ਹੋਏ ਜਿਲ੍ਹਾ ਪ੍ਰਧਾਨ ਰਾਜੇਸ਼ ਪਾਸੀ ਨੇ ਦੱਸਿਆ ਕਿ ਮੋਦੀ ਸਰਕਾਰ ਦੇ ਸਫਲਤਾਪੂਰਵਕ ਅੱਠ ਸਾਲ ਪੂਰੇ ਹੋਣ ਤੇ 15 ਦਿਨਾਂ ਦੇ ਦੌਰਾਨ ਕੇਵਲ ਸੇਵਾ,ਸੁਸ਼ਾਸਨ ਅਤੇ ਗਰੀਬ ਕਲਿਆਣ ਕੇਂਦਰਿਤ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਪਾਸੀ ਨੇ ਕਿਹਾ ਕਿ ਪੀਐਮ ਮੋਦੀ ਨੇ ਸੱਤਾ ਨੂੰ ਸੇਵਾ ਦਾ ਮਾਧਿਅਮ ਮੰਨ ਕੇ ਗਰੀਬਾਂ,ਕਿਸਾਨਾਂ,ਔਰਤਾਂ ਅਤੇ ਵੰਚਿਤਾਂ ਨੂੰ ਉਨ੍ਹਾਂ ਦੇ ਅਧਿਕਾਰ ਦਿੱਤੇ।ਜਿਸਦੇ ਨਾਲ ਲੋਕਤੰਤਰ ਵਿੱਚ ਉਨ੍ਹਾਂ ਦਾ ਵਿਸ਼ਵਾਸ ਜਾਗਿਆ ਅਤੇ ਉਹ ਦੇਸ਼ ਦੀ ਵਿਕਾਸ ਯਾਤਰਾ ਵਿੱਚ ਸਹਭਾਗੀ ਬਣੇ।ਇਸ ਅਭਿਆਨ ਦੇ ਤਹਿਤ ਇੱਕ ਸ਼ਾਨਦਾਰ ਅਤੇ ਵਿਸ਼ਾਲ ਪ੍ਰੋਗਰਾਮ 12 ਜੂਨ ਦਿਨ ਐਤਵਾਰ ਨੂੰ ਸਥਾਨਕ ਸਹਨਾਈ ਪੈਲੇਸ ਵਿੱਚ ਹੋਵੇਗਾ।ਜਿਸ ਵਿੱਚ ਮੁੱਖ ਬੁਲਾਰੇ ਦੇ ਤੌਰ ਤੇ ਵਿਧਾਇਕ ਮੁਕੇਰਿਆ ਜੰਗੀਲਾਲ ਮਹਾਜਨ ਵਿਸ਼ੇਸ਼ ਤੌਰ ਤੇ ਮੌਜੂਦ ਹੋਕੇ ਮੋਦੀ ਸਰਕਾਰ ਦੀਆਂ ਉਪਲੱਬਧੀਆਂ ਨੂੰ ਸਭ ਨਾਲ ਸਾਂਝਾ ਕਰਣਗੇ।ਚੇਤਨ ਸੂਰੀ ਨੇ ਦੱਸਿਆ ਕਿ 12 ਜੂਨ ਨੂੰ ਹੋਣ ਵਾਲੀ ਰੈਲੀ ਵਿੱਚ ਮੰਡਲ ਦੇ ਵੱਲੋਂ ਭਾਰੀ ਗਿਣਤੀ ਵਿੱਚ ਪਾਰਟੀ ਵਰਕਰ ਭਾਗ ਲੈਣਗੇ ਤਾਂਕਿ ਪਾਰਟੀ ਦੇ ਸੀਨੀਅਰ ਨੇਤਾਵਾਂ ਦਾ ਮਾਰਗਦਰਸ਼ਨ ਲੈ ਕੇ ਸਰਕਾਰ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਜਾ ਸਕਣ।ਚੇਤਨ ਸੂਰੀ ਨੇ ਕਿਹਾ ਕਿ ਮੋਦੀ ਸਰਕਾਰ ਨੇ ਅੱਠ ਸਾਲ ਦਾ ਕਾਰਜਕਾਲ ਪੂਰੀ ਈਮਾਨਦਾਰੀ ਨਾਲ ਚਲਾਉਂਦੇ ਹੋਏ ਰਾਸ਼ਟਰ ਸੇਵਾ ਕੀਤੀ ਹੈ।ਅੱਠ ਸਾਲ ਵਿੱਚ ਕੇਂਦਰ ਸਰਕਾਰ ਨੇ ਸੋ ਫੀਸਦੀ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦੇਸ਼ ਦੇ ਲੋਕਾਂ ਨੂੰ ਦਿੱਤਾ ਹੈ।ਸਰਕਾਰ ਨੇ ਵੰਸ਼ਵਾਦ,ਪਰਿਵਾਰਵਾਦ ਦੀ ਨੀਤੀ ਨੂੰ ਨਕਾਰਦੇ ਹੋਏ ਆਮ ਨਾਗਰਿਕ ਦੇ ਵਿਕਾਸ, , ਸਿੱਖਿਅਤ ਸਮਾਜ ਦਾ ਨਿਰਮਾਣ ਕਰਣ ਵਿੱਚ ਪੂਰਾ ਯੋਗਦਾਨ ਦਿੱਤਾ ਹੈ।ਇਸ ਮੌਕੇ ਤੇ ਭਾਜਪਾ ਸੂਬਾ ਕਾਰਜਕਾਰਨੀ ਦੇ ਮੈਂਬਰ ਮਨੂੰ ਧੀਰ,ਭਾਜਪਾ ਸੂਬਾ ਕਾਰਜਕਾਰਨੀ ਦੇ ਮੈਂਬਰ ਉਮੇਸ਼ ਸ਼ਾਰਦਾ,ਭਾਜਪਾ ਸੂਬਾ ਕਾਰਜਕਾਰਨੀ ਦੇ ਮੈਂਬਰ ਸ਼ਾਮ ਸੁੰਦਰ ਅੱਗਰਵਾਲ,ਜਿਲ੍ਹਾ ਜਰਨਲ ਸਕੱਤਰ ਐਡਵੋਕੇਟ ਚੰਦਰ ਸ਼ੇਖਰ,ਜਿਲ੍ਹਾ ਉਪ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ, ਜਿਲ੍ਹਾ ਉਪ ਪ੍ਰਧਾਨ ਐਡਵੋਕੇਟ ਪਿਊਸ਼ ਮਨਚੰਦਾ,ਮੰਡਲ ਉਪਪ੍ਰਧਾਨ ਧਰਮਬੀਰ ਬੌਬੀ,ਮੰਡਲ ਉਪਪ੍ਰਧਾਨ ਵਿਸ਼ਾਲ ਸੌਂਦੀ,ਯੁਵਾ ਮੋਰਚਾ ਦੇ ਮੰਡਲ ਜਰਨਲ ਸਕੱਤਰ ਵਿਵੇਕ ਸਿੰਘ ਸੰਨੀ ਬੈਂਸ,ਕਮਲਜੀਤ ਪ੍ਰਭਾਕਰ,ਸ਼ੁਸ਼ੀਲ ਭੱਲਾ,ਯੁਵਾ ਮੋਰਚਾ ਦੇ ਮੰਡਲ ਪ੍ਰਧਾਨ ਸੁਮੰਗ ਸ਼ਰਮਾ,ਸ਼ਤੀਸ਼ ਮਹਾਜਨ,ਵਿੱਕੀ ਗੁਜਰਾਲ,ਅਸ਼ਵਨੀ ਤੁਲੀ,ਰੋਸ਼ਨ ਲਾਲ ਸਭਰਵਾਲ, ਨਰੇਸ਼ ਸੇਠੀ ਆਦਿ ਮੌਜੂਦ ਸਨ।

# ਧੋਖਾਧੜੀ ਨਾਲ ਪੈਸੇ ਠੱਗਣ ਵਾਲੇ ਚੜ੍ਹੇ ਪੁਲਿਸ ਅੜਿੱਕੇ

ਲੁਧਿਆਣਾ/ਸੁਖਚੈਨ ਮਹਿਰਾ

ਕੌਸਤੁਭ ਸਰਮਾ ਵੱਲੋਂ ਸਹਿਰ ਵਿੱਚ ਦੜਾ ਸੱਟਾ ਲਗਾਉਣ ਦੇ ਖਿਲਾਫ ਸੁਰੂ ਕੀਤੀ ਮੁਹਿੰਮ ਤਹਿਤ ਥਾਣਾ ਡਵੀਜਨ ਨੰਬਰ 4 ਦੀ ਪੁਲਸ ਪਾਰਟੀ ਨੇ ਆਮ ਲੋਕਾਂ ਨੂੰ ਗੁੰਮਰਾਹ ਕਰ ਜੂਆ ਖੇਡਣ ਲਈ ਉਕਸਾ ਕੇ ਧੋਖਾਧੜੀ ਨਾਲ ਪੈਸੇ ਠੱਗਣ ਵਾਲਿਆਂ ਨੂੰ ਗ੍ਰਿਫਤਾਰ ਕਰਨ ਵਿੱਚ ਵੱਡੀ ਸਫਲਤਾ ਪ੍ਰਾਪਤ ਕੀਤੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਗੁਰਜੀਤ ਸਿੰਘ ਨੇ ਦੱਸਿਆ ਕਿ ਸ:ਥ: ਕੁਲਬੀਰ ਰਾਜ ਸਮੇਤ ਪੁਲਿਸ ਪਾਰਟੀ ਨੇ ਛਾਉਣੀ ਮੁਹੱਲਾ ਬਿਜਲੀ ਘਰ ਦੇ ਸਾਹਮਣੇ ਪਾਰਕ ਵਿੱਚ ਰੇਡ ਕੀਤੀ। ਜਿੱਥੇ ਚਰਨਜੀਤ ਸਿੰਘ ਉਰਫ ਸਨੀ ਤਨੇਜਾ ਪੁੱਤਰ ਬਲਜਿੰਦਰ ਸਿੰਘ ਵਾਸੀ ਗੁਰੂ ਗੋਬਿੰਦ ਸਿੰਘ ਨਗਰ ਨੂਰਵਾਲਾ ਰੋਡ ਲੁਧਿਆਣਾ, ਵਿਆਸ ਸਾਹ ਪੁੱਤਰ ਪੂਰਨ ਸਾਹ ਵਾਸੀ ਇੱਟਾਂ ਵਾਲਾ ਚੌਕ ਜਨਤਾ ਨਗਰ ਲੁਧਿਆਣਾ, ਦੀਪਕ ਕੁਮਾਰ ਉਰਫ ਦੀਪੂ ਪੁੱਤਰ ਕ੍ਰਿਸਨ ਲਾਲ ਵਾਸੀ ਨੇੜੇ ਚਿੱਟਾ ਗੁਰੂਦੁਆਰਾ ਛਾਉਣੀ ਮੁਹੱਲਾ ਲੁਧਿਆਣਾ, ਅਮਿਤ ਕੁਮਾਰ ਪੁੱਤਰ ਲੇਟ ਜੋਗਿੰਦਰ ਕੁਮਾਰ ਵਾਸੀ ਗਲੀ ਨੰਬਰ-2 ਗੋਬਿੰਦ ਨਗਰ ਨਿਊ ਸ?ਿਮਲਾਪੁਰੀ ਲੁਧਿਆਣਾ, ਸਾਗਰ ਸਰਮਾ ਪੁੱਤਰ ਖੱਗੀਸੇਰ ਸਰਮਾ ਵਾਸੀ ਪਿੰਡ ਬਟੋਲ ਵਾਰਡ ਨੰਬਰ-4 ਜਿਲ੍ਹਾ ਅਰਗਾਖਾਚੀ ਨੇਪਾਲ ਹਾਲ ਵਾਸੀ ਗਲੀ ਨੰਬਰ-3 ਮੁਹੱਲਾ ਗਊਸ਼ਾਲਾ ਵਾਲਾ ਜਗੇੜਾ ਰੋਡ ਅਹਿਮਦਗੜ੍ਹ ਮੰਡੀ ਜਿਲ੍ਹਾ ਮਲੇਰਕੋਟਲਾ,



ਸਾਹਿਲ ਕੁਮਾਰ ਉਰਫ ਰੋਕੀ ਪੁੱਤਰ ਸੁਰਿੰਦਰ ਕੁਮਾਰ ਵਾਸੀ ਗਲੀ ਨੰਬਰ-3 ਨਿਊ ਅਜਾਦ ਨਗਰ ਲੁਧਿਆਣਾ, ਧਰਮਪਾਲ ਸਰਮਾ ਉਰਫ ਹੈਪੀ ਪੁੱਤਰ ਬਲਦੇਵ ਕ੍ਰਿਸਨ ਵਾਸੀ ਪ੍ਰੀਤ ਨਗਰ ਸ?ਿਮਲਾਪੁਰੀ ਲੁਧਿਆਣਾ, ਅਸੀਸ ਕੁਮਾਰ ਉਰਫ ਭਾਨੂੰ ਪੁੱਤਰ ਦਲਜੀਤ ਸਿੰਘ ਵਾਸੀ ਮਕਾਨ ਨੰਬਰ ਈ-9, 1239/2 ਗਲੀ ਨੰਬਰ-2 ਨੂਰਵਾਲਾ ਰੋਡ ਲੁਧਿਆਣਾ, ਸੁਰਿੰਦਰ ਕੁਮਾਰ ਪੁੱਤਰ ਪਰੰਮਬਾ ਵਾਸੀ ਮਕਾਨ ਨੰਬਰ ਬੀ-2-175, ਛਾਉਣੀ ਮੁਹੱਲਾ ਲੁਧਿਆਣਾ ਨੂੰ ਸਰੇਆਮ ਜਗ੍ਹਾ ਪਰ ਜੂਆ ਖੇਡਦੇ ਤੇ ਲੋਕਾਂ ਨੂੰ ਵੱਧ ਪੈਸੇ ਦੇਣ ਦਾ ਲਾਲਚ ਦੇ ਆਮ ਲੋਕਾਂ ਪਾਸੋਂ ਧੋਖਾਧੜੀ ਕਰਦਿਆਂ ਨੂੰ ਗ੍ਰਿਫਤਾਰ ਕੀਤਾ ਹੈ। ਦੋਸੀ ਪੰਜਾਬ ਸਰਕਾਰ ਤੋਂ ਮਾਨਤਾ ਪ੍ਰਾਪਤ ਲਾਇਸੰਸ ਹੋਣ ਦਾ ਹਵਾਲਾ ਦੇਕੇ ਗੁਮਰਾਹ ਕਰਦੇ ਸੀ ਇਹਨਾਂ ਪਾਸੋ ਕੁੱਲ ਰਾਸੀ 46890/-ਰੁਪਏ, 52 ਪੱਤੇ ਤਾਸ ਬ੍ਰਾਮਦ ਕੀਤੀ ਗਈ ਹੈ। ਇਹਨਾਂ ਦੇ ਖਿਲਾਫ ਮੁਕੱਦਮਾ ਨੰਬਰ 66, ਜੁਰਮ 13-3-67 ਗੈਬਲਿੰਗ ਐਕਟ, 420-ਭਾ:ਦੰਡ ਥਾਣਾ ਡਵੀਜਨ ਨੰਬਰ 4 ਵਿੱਚ ਦਰਜ ਕੀਤਾ ਗਿਆ।

ਦੋਸੀਆਂ ਨੇ ਆਪਣੀ ਪੁੱਛਗਿੱਛ ਪਰ ਵੀ ਮੰਨਿਆ ਹੈ ਕਿ ਸਾਡੇ ਵੱਲੋ ਆਮ ਲੋਕਾਂ ਨੂੰ ਜੂਆ ਖੇਡਣ ਲਈ ਉਕਸਾ ਕੇ ਉਹਨਾਂ ਨੂੰ ਲਾਲਚ ਦੇਕਰ ਪੈਸੇ ਠੱਗੇ ਜਾਂਦੇ ਹਨ। ਦੋਸੀਆ ਦਾ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਕੀਤੀ ਜਾਵੇਗੀ।

## ਜ਼ਿਲ੍ਹਾ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਹੁਣ ਕਰ ਬੈਠੇ ਹੀ ਹੋਵੇਗਾ ਨਿਬੇੜਾ

ਗੁਰਦਾਸਪੁਰ-ਨਵਨੀਤ ਕੁਮਾਰ

ਡਿਪਟੀ ਕਮਿਸ਼ਨਰ ਗੁਰਦਾਸਪੁਰ, ਜਨਾਬ ਮੁਹੰਮਦ ਇਸ਼ਫਾਕ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲਾ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਘਰ ਬੈਠੇ ਹੱਲ ਕੀਤਾ ਜਾਵੇਗਾ।

ਉਨਾਂ ਦੱਸਿਆ ਕਿ ਜ਼ਿਲੇ ਦਾ ਕੋਈ ਵਸਨੀਕ ਆਪਣੀ ਮੁਸ਼ਕਿਲ ਜਾਂ ਸਮੱਸਿਆ ਘਰੋਂ ਹੀ ਡਿਪਟੀ ਕਮਿਸ਼ਨਰ ਨਾਲ ਰੋਜ਼ਾਨਾ ਸਵੇਰੇ 11 ਵਜੇ ਤੋਂ 12 ਵਜੇ ਤਕ ਜੂਮ ਮੀਟਿੰਗ ਰਾਹੀ ਧਿਆਨ ਵਿਚ ਲਿਆ ਸਕਦਾ ਹੈ। ਜੂਮ ਮੀਟਿੰਗ ਕਰਨ ਲਈ ਆਪਣੇ ਮੋਬਾਇਲ ਵਿਚ ਜੂਮ ਐਪ ਡਾਊਨਲੋਡ ਕਰੇ। ਜੂਮ ਮੀਟਿੰਗ ਲਈ ਯੂਜਰ ਆਈ.ਡੀ 99154-33777 ਹੈ ਤੇ ਪਾਸਵਰਡ 0033 ਹੈ। ਕੋਈ ਵੀ ਜਿਲਾ ਵਾਸੀ ਜੂਮ ਮੀਟਿੰਗ ਜ਼ਰੀਏ ਆਪਣੀ ਮੁਸ਼ਕਿਲ ਦੱਸ ਸਕਦਾ ਹੈ।

ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵਲੋਂ ਲੋਕਾਂ ਦੀ ਸਹੂਲਤ, ਸਮੱਸਿਆ ਦੱਸਣ ਲਈ ਵਟਸਐਪ ਨੰਬਰ 62393-01830 ਅਤੇ ਈਮੇਲ ਆਈ.ਡੀ @. ਵੀ ਜਾਰੀ ਕੀਤੀ ਗਈ ਹੈ, ਜਿਸ ਉੱਪਰ ਵੀ ਆਪਣੀ ਮੁਸ਼ਕਿਲ ਦੱਸੀ ਜਾ ਸਕਦੀ ਹੈ।

# ਜ਼ਿਲ੍ਹਾ ਵਾਸੀਆਂ ਦੀਆਂ ਮੁਸ਼ਕਲਾਂ ਦਾ ਘਰ ਬੈਠੇ ਨਿਪਟਾਰਾ ਕਰਨ ਲਈ ਡਿਪਟੀ ਕਮਿਸ਼ਨਰ ਨੇ ਜ਼ੂਮ ਮੀਟਿੰਗ ਰਾਹੀਂ ਸ਼ਿਕਾਇਤਾਂ ਸੁਣੀਆਂ

## ਡਿਪਟੀ ਕਮਿਸ਼ਨਰ ਰੋਜ਼ਾਨਾਂ 11 ਤੋਂ 12 ਵਜੇ ਤੱਕ ਜ਼ਿਲ੍ਹਾ ਵਾਸੀਆਂ ਨਾਲ ਕਰਨਗੇ ਆਨ-ਲਾਈਨ ਮੀਟਿੰਗ

ਬਟਾਲਾ/ਸੁਖਨਾਮ ਸਿੰਘ

ਜ਼ਿਲ੍ਹਾ ਵਾਸੀਆਂ ਦੀਆਂ ਮੁਸ਼ਕਲਾਂ ਦਾ ਘਰ ਬੈਠੇ ਨਿਪਟਾਰਾ ਕਰਨ ਲਈ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫ਼ਾਕ ਵੱਲੋਂ ਜ਼ੂਮ ਐਪਲੀਕੇਸ਼ਨ ਰਾਹੀਂ ਆਨ-ਲਾਈਨ ਮੀਟਿੰਗਾਂ ਦਾ ਸਿਲਸਲਾ ਸ਼ੁਰੂ ਕੀਤਾ ਗਿਆ ਹੈ। ਜ਼ਿਲ੍ਹੇ ਦਾ ਕੋਈ ਵੀ ਵਸਨੀਕ ਹੁਣ ਆਪਣੀ ਮੁਸ਼ਕਿਲ/ਸਮੱਸਿਆ ਘਰ ਬੈਠੇ ਹੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਧਿਆਨ ਵਿੱਚ ਲਿਆ ਸਕਦਾ ਹੈ ਜਿਸਨੂੰ ਪ੍ਰਸ਼ਾਸਨ ਵੱਲੋਂ ਹੱਲ ਕੀਤਾ ਜਾਵੇਗਾ।

ਇਸ ਉਪਰਾਲੇ ਤਹਿਤ ਅੱਜ ਦਿਨੇ 11 ਤੋਂ 12 ਵਜੇ ਤੱਕ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫ਼ਾਕ ਵੱਲੋਂ ਆਨ-ਲਾਈਨ ਜ਼ੂਮ ਮੀਟਿੰਗ ਕਰਕੇ ਲੋਕਾਂ ਦੀ ਮੁਸ਼ਕਲਾਂ ਅਤੇ ਸ਼ਿਕਾਇਤਾਂ ਸੁਣੀਆਂ



ਗਈਆਂ। ਜ਼ੂਮ ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸ਼ਹਿਰਾਂ ਅਤੇ ਪਿੰਡਾਂ ਵਿਚੋਂ ਲੋਕ ਸ਼ਾਮਲ ਹੋਏ ਅਤੇ ਉਨ੍ਹਾਂ ਨੇ ਆਪਣੇ ਇਲਾਕਿਆਂ ਦੀਆਂ ਸੜਕਾਂ, ਸੀਵਰੇਜ, ਸਫ਼ਾਈ ਦੇ ਸਾਂਝੇ ਮੁੱਦੇ ਉਠਾਏ। ਇਨ੍ਹਾਂ ਸਾਰੀਆਂ ਸ਼ਿਕਾਇਤਾਂ ਨੂੰ ਡੀ.ਸੀ. ਦਫ਼ਤਰ ਦੀ ਸ਼ਿਕਾਇਤ ਬਰਾਂਚ ਵੱਲੋਂ ਨੋਟ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਹਰ ਸ਼ਿਕਾਇਤਕਰਤਾ ਦੀ ਗੱਲ ਨੂੰ ਧਿਆਨ ਨਾਲ ਸੁਣਿਆ ਅਤੇ ਉਸਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫ਼ਾਕ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇਹ ਹਦਾਇਤਾਂ ਹਨ ਕਿ ਲੋਕਾਂ ਦੀਆਂ ਮੁਸ਼ਕਲਾਂ ਦਾ ਬਿਨ੍ਹਾਂ ਕਿਸੇ ਖੱਜਲ-ਖੁਆਰੀ ਦੇ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਵਾਸੀਆਂ ਦੀ ਸਹੂਲਤ ਲਈ ਜ਼ੂਮ ਮੀਟਿੰਗਾਂ ਸ਼ੁਰੂ ਕੀਤੀਆਂ ਗਈਆਂ ਹਨ ਤਾਂ ਜੋ ਲੋਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਹਰ ਰੋਜ 11 ਵਜੇ ਤੋਂ ਦੁਪਹਿਰ 12 ਵਜੇ ਇਹ ਜ਼ੂਮ ਮੀਟਿੰਗ ਹੋਇਆ ਕਰੇਗੀ ਜਿਸ ਵਿੱਚ ਭਾਗ ਲੈਣ ਲਈ ਜ਼ਿਲ੍ਹਾ ਵਾਸੀ ਆਪਣੇ ਮੋਬਾਇਲ ਫੋਨ ਵਿੱਚ ਜ਼ੂਮ ਐਪ ਡਾਊਨਲੋਡ ਕਰਕੇ ਉਸ ਵਿੱਚ ਯੂਜਰ ਆਈ 99154-33777 ਅਤੇ ਪਾਸਵਰਡ 0033 ਦਰਜ ਕਰਕੇ ਸ਼ਾਮਲ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਹਰ ਸ਼ਿਕਾਇਤ ਦਾ ਰੈਫਰੈਂਸ ਨੰਬਰ ਸ਼ਿਕਾਇਤ ਕਰਤਾ ਨੂੰ ਦਿੱਤਾ ਜਾਵੇਗਾ ਅਤੇ ਨਾਲ ਹੀ ਉਸਦੀ ਸ਼ਿਕਾਇਤ ਉਪਰ ਹੋਈ ਕਾਰਵਾਈ ਬਾਰੇ ਵੀ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਆਨ-ਲਾਈਨ ਮੀਟਿੰਗਾਂ ਰਾਹੀਂ ਲੋਕਾਂ ਨੂੰ ਹੁਣ ਆਪਣੀ ਸ਼ਿਕਾਇਤ ਦਰਜ ਕਰਾਉਣ ਸਰਕਾਰੀ ਦਫ਼ਤਰ ਨਹੀਂ ਜਾਣਾ ਪਵੇਗਾ ਜਿਸ ਨਾਲ ਉਨ੍ਹਾਂ ਦੇ ਸਮੇਂ ਦੀ ਵੀ ਬਚਤ ਹੋਵੇਗੀ।

# ਸਰਕਾਰ ਵੱਲੋਂ ਘਰੇਲੂ ਮਹਿਲਾਵਾਂ ਨੂੰ ਡੇਅਰੀ ਫਾਰਮਿੰਗ ਨਾਲ ਜੋੜਿਆ ਜਾਵੇਗਾ : ਵਿਧਾਇਕ ਸ਼ੈਰੀ ਕਲਸੀ

## ਮਹਿਲਾਵਾਂ ਨੂੰ ਆਤਮ ਨਿਰਭਰ ਬਣਾਉਣ ਲਈ ਸੂਬਾ ਸਰਕਾਰ ਵੱਲੋਂ ਮਹਿਲਾ ਦੁੱਧ ਉਤਪਾਦਕਾਂ ਨੂੰ 2 ਤੋਂ 5 ਪਸ਼ੂਆਂ ਦੀ ਖਰੀਦ ਲਈ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ



ਬਟਾਲਾ/ਸੁਖਨਾਮ ਸਿੰਘ

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਘਰੇਲੂ ਮਹਿਲਾਵਾਂ ਨੂੰ ਡੇਅਰੀ ਫਾਰਮਿੰਗ ਨਾਲ ਜੋੜਨ ਦੇ ਉਪਰਾਲੇ ਅਰੰਭ ਕੀਤੇ ਗਏ ਹਨ ਤਾਂ ਜੋ ਮਹਿਲਾਵਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਿਆ ਜਾ ਸਕੇ। ਇਹ ਪ੍ਰਗਟਾਵਾ ਕਰਦਿਆਂ ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਕਲਸੀ ਨੇ ਦੱਸਿਆ ਕਿ ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਵੱਲੋਂ ਕਮਰਸ਼ੀਅਲ ਡੇਅਰੀ ਫਾਰਮ ਸਥਾਪਿਤ ਕਰਨ ਦੇ ਨਾਲ ਨਾਲ ਮਹਿਲਾਵਾਂ ਨੂੰ ਵੀ ਦੁੱਧ ਦੇ ਕਿੱਤੇ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਵਿਧਾਇਕ ਅਮਨ ਸ਼ੇਰ ਸਿੰਘ ਕਲਸੀ (ਸ਼ੈਰੀ ਕਲਸੀ) ਨੇ ਕਿਹਾ ਕਿ ਆਮ ਤੌਰ ਤੇ ਪੰਜਾਬ ਵਿੱਚ ਜੱਦੀ ਪੁਸ਼ਤੀ ਪਸ਼ੂ ਦੀ ਸਾਂਭ-ਸੰਭਾਲ ਘਰੇਲੂ ਔਰਤਾਂ ਵੱਲੋਂ ਹੀ ਕੀਤੀ ਜਾਂਦੀ ਹੈ। ਇਸ ਲਈ ਸਰਕਾਰ ਨੇ ਮਹਿਸੂਸ ਕੀਤਾ ਹੈ ਕਿ ਮਹਿਲਾਵਾਂ ਲਈ ਇੱਕ ਨਿਰੋਲ ਸਕੀਮ ਉਲੀਕੀ ਜਾਵੇ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਰਾਜ ਸਰਕਾਰ ਵੱਲੋਂ ਮਹਿਲਾ ਦੁੱਧ ਉਤਪਾਦਕਾਂ ਨੂੰ 2 ਤੋਂ 5 ਪਸ਼ੂਆਂ ਦੀ ਖਰੀਦ ਕਰਨ ਲਈ ਰਾਸ਼ੀ ਮੁਹੱਈਆ ਕਰਵਾਈ ਜਾਵੇਗੀ ਜਿਸ ਨਾਲ ਸੂਬੇ ਦੀਆਂ ਮਹਿਲਾਵਾਂ ਆਤਮ ਨਿਰਭਰ ਹੋ ਸਕਣਗੀਆਂ। ਉਨ੍ਹਾਂ ਨਾਲ ਹੀ ਦੱਸਿਆ ਕਿ ਇਸ ਤੋਂ ਇਲਾਵਾ ਮਹਿਲਾ ਦੁੱਧ ਉਤਪਾਦਕਾਂ ਨੂੰ ਪਸ਼ੂਆਂ ਦੇ ਬੀਮੇ ਤੇ ਵਿੱਤੀ ਸਹਾਇਤਾ ਵੀ ਦਿੱਤੀ ਜਾਵੇਗੀ ਅਤੇ ਨਾਲ ਹੀ ਮਨਰੇਗਾ ਵੱਲੋਂ ਚਲਾਈ ਜਾ ਰਹੀ ਸਕੀਮ ਅਧੀਨ ਪਸ਼ੂ ਵਾੜਿਆਂ ਤੇ ਵੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਰਾਜ ਸਰਕਾਰ ਵੱਲੋਂ ਇਸ ਸਕੀਮ ਨੂੰ ਬਲਾਕ ਪੱਧਰ ਤੇ ਲਾਗੂ ਕੀਤਾ ਜਾਵੇਗਾ, ਜਿਸ ਵਿੱਚ ਹਰ ਬਲਾਕ ਵਿੱਚ 300 ਯੂਨਿਟ ਸਥਾਪਿਤ ਕੀਤੇ ਜਾਣਗੇ।

# ਵਿਦਿਆਰਥੀਆਂ ਤੇ ਹੋਏ ਲਾਠੀਚਾਰਜ ਅਤੇ ਕੇਂਦਰੀਕਰਨ ਦੇ ਵਿਰੋਧ ਵਿੱਚ ਸਿੱਖਿਆਰਥੀਆਂ ਨੇ ਫੂਕਿਆ ਸਰਕਾਰ ਦਾ ਪੁਤਲਾ




ਅੱਜ ਪੰਜਾਬ ਸਟੂਡੈਂਟਸ ਯੂਨੀਅਨ ਦੀ ਇਕਾਈ ਸਹੀਦ-ਏ-ਆਜਮ ਭਗਤ ਸਿੰਘ ਆਈ.ਟੀ.ਆਈ ਦੇ ਸਿੱਖਿਆਰਥੀਆਂ ਨੇ ਚੰਡੀਗੜ੍ਹ ਦੇ ਵਿੱਚ ਪੰਜਾਬ ਯੂਨੀਵਰਸਿਟੀ ਨੂੰ ਬਚਾਉਣ ਅਤੇ ਨਵੀਂ ਸਿੱਖਿਆ ਨੀਤੀ ਨੂੰ ਰੱਦ ਕਰਵਾਉਣ ਦੇ ਲਈ ਸ਼ਾਂਤੀਪੂਰਵਕ ਰੋਸ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਉੱਤੇ ਹੋਏ ਲਾਠੀਚਾਰਜ ਦੇ ਵਿਰੋਧ ਵਿਚ ਪੰਜਾਬ ਦੀ ਕੇਜਰੀਵਾਲ-ਭਗਵੰਤ ਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਜਿਲਾਕਨਵੀਨਰ ਕਿਰਨਜੀਤ ਕੌਰ ਤੇ ਸੀਨੀਅਰ ਉਪ-ਕਰਵੀਨਰ ਰਾਜੂ ਬਰਨਾਲਾ ਤੇ ਆਟੀ.ਟੀ.ਆਈ ਕਮੇਟੀ ਦੇ ਪ੍ਰਧਾਨ ਪ੍ਰਭਜੋਤ ਬਾਗੋਵਾਲ ਨੇ ਕਿਹਾ ਕਿ ਰੋਸ ਪ੍ਰਦਰਸਨ ਕਰਦੇ ਹੋਏ ਪੰਜਾਬ ਦੇ ਗਵਰਨਰ ਨੂੰ ਮੰਗ ਪੱਤਰ ਦਿੱਤਾ ਜਾਣਾ ਸੀ,ਪਰ ਪੰਜਾਬ ਦੀ ਕੇਜਰੀਵਾਲ-ਭਗਵੰਤ ਮਾਨ ਦੀ ਸਰਕਾਰ ਨੇ ਵਿਦਿਆਰਥੀਆਂ ਦੀ ਖਿੱਚ ਧੂਹ ਅਤੇ ਲਾਠੀਚਾਰਜ ਕਰਕੇ ਸਾਬਤ ਕਰ ਦਿੱਤਾ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਦੀ ਬੀ ਟੀਮ ਹੈ,ਜਿਹੜੀ ਕਿ ਪੰਜਾਬ ਦੇ ਸੰਘੀ ਢਾਂਚੇ ਨੂੰ ਬਿਲਕੁਲ ਖਤਮ ਕਰਨਾ ਚਾਹੁੰਦੀ ਹੈ। ਪੰਜਾਬ ਪੁਲਿਸ ਵੱਲੋਂ ਵਿਦਿਆਰਥੀਆਂ ਨੂੰ ਚੰਡੀਗੜ੍ਹ ਤੋਂ ਪਹਿਲਾਂ ਪੰਜਾਬ ਵਿੱਚ ਹੀ ਬੈਰੀਕੇਟ ਲਗਾ ਕੇ ਰੋਕਣ ਦੀ ਪੂਰੀ ਕੋਸ?ਿਸ ਕਰਦੇ ਪੰਜਾਬ ਦੇ ਵਿਦਿਆਰਥੀਆਂ ਨਾਲ ਬੁਰਾ ਵਿਵਹਾਰ ਕਰਦੇ ਹੋਏ ਉਹਨਾਂ ਦੀ ਕੁੱਟਮਾਰ ਕੀਤੀ, ਜਿਸ ਵਿੱਚ ਕਈ ਵਿਦਿਆਰਥੀ ਜਖਮੀ ਵੀ ਹੋਏ,ਕਈ ਵਿਦਿਆਰਥੀ ਦੀਆਂ ਦਸਤਾਰਾਂ ਤੇ ਕੱਪੜੇ ਤੱਕ ਵੀ ਪਾੜ ਦਿੱਤੇ।ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਨੇ ਪੰਜਾਬ ਦੇ ਲੋਕਾਂ ਨੇ ਇਸ ਕਰਕੇ ਵੋਟਾਂ ਨੀ ਪਾਈਆਂ ਕਿ ਉਹ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਭੁਗਤੇ। ਆਗੂਆਂ ਨੇ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਕੇਂਦਰ ਦੀ ਸਰਕਾਰ ਆਪਣਾ ਇਹ ਫੈਸਲਾ ਵਾਪਸ ਨਾ ਲਿਆ ਅਤੇ ਪੰਜਾਬ ਸਰਕਾਰ ਨੇ ਵੀ ਜੇਕਰ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ,ਆਉਣ ਵਾਲੇ ਦਿਨਾਂ ਦੇ ਵਿੱਚ ਵੱਡੇ ਪੱਧਰ ਤੇ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਆਈ.ਟੀ.ਆਈ ਕਮੇਟੀ ਦੇ ਸੇਕਟਰੀ ਯੁਗੇਸ਼ ਸਿੰਘ,ਮੁੱਖ ਸਲਾਹਕਾਰ ਹਰਜਿੰਦਰ ਸਿੰਘ, ਰਮਨਪ੍ਰੀਤ,ਵਿਸ਼ਾਲ ਕੁਮਾਰ,ਸੋਰਵ ਕੁਮਾਰ,ਹਰਪ੍ਰੀਤ ਸਿੰਘ ,ਸਰਬਜੀਤ ਸਿੰਘ,ਰਾਹੁਲ ਕੁਮਾਰ ਆਦਿ ਹਾਜਰ ਸਨ।

# ਡਿਪਟੀ ਕਮਿਸਨਰ ਨਵਾਂਸਹਿਰ ਨੂੰ ਸਹਿਰ ਦੇ ਅੰਦਰ ਵੱਡੀ ਗਿਣਤੀ ਵਿੱਚ ਘੁੰਮ ਰਹੇ ਅਤੇ ਕੰਮ ਧੰਦੇ ਕਰ ਰਹੇ ਸੱਕੀ ਅਤੇ ਅਜਨਬੀ ਵਿਅਕਤੀਆਂ ਦੀ ਜਾਂਚ ਪੜਤਾਲ ਕਰਨ ਸੰਬੰਧੀ ਇੱਕ ਮੰਗ ਪੱਤਰ ਸੌਂਪਿਆ



ਅੱਜ ਰੋਜ ਨਵਾਂਸਹਿਰ ਦੀਆਂ ਸਮੂਹ ਧਾਰਮਿਕ, ਸਮਾਜਿਕ ਅਤੇ ਵਪਾਰਕ ਜਥੇਬੰਦੀਆਂ ਦੇ ਆਗੂਆਂ ਅਤੇ ਨਵਾਂਸਹਿਰ ਨਿਵਾਸੀਆਂ ਦੇ ਇੱਕ ਵਫਦ ਵੱਲੋਂ ਡਿਪਟੀ ਕਮਿਸਨਰ ਨਵਾਂਸਹਿਰ ਨੂੰ ਸਹਿਰ ਦੇ ਅੰਦਰ ਵੱਡੀ ਗਿਣਤੀ ਵਿੱਚ ਘੁੰਮ ਰਹੇ ਅਤੇ ਕੰਮ ਧੰਦੇ ਕਰ ਰਹੇ ਸੱਕੀ ਅਤੇ ਅਜਨਬੀ ਵਿਅਕਤੀਆਂ ਦੀ ਜਾਂਚ ਪੜਤਾਲ ਕਰਨ ਸੰਬੰਧੀ ਇੱਕ ਮੰਗ ਪੱਤਰ ਸੌਂਪਿਆ ਗਿਆ। ਇਸ ਉਪਰੰਤ ਗੱਲਬਾਤ ਕਰਦਿਆਂ ਇਹਨਾਂ ਆਗੂਆਂ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਕਿ ਫਗਵਾੜਾ ਅੰਦਰ ਪਿਛਲੇ ਕਾਫੀ ਸਮੇਂ ਤੋਂ ਬਹੁਤ ਵੱਡੀ ਗਿਣਤੀ ਵਿੱਚ ਸੱਕੀ ਅਤੇ ਅਜਨਬੀ ਵਿਅਕਤੀਆਂ ਦੀ ਭੀੜ ਲਗਾਤਾਰ ਵਧਦੀ ਜਾ ਰਹੀ ਹੈ। ਇਹ ਵਿਅਕਤੀ ਖਾਸ ਤੌਰ ਤੇ ਸਹਿਰ ਅੰਦਰ ਰਿਹੜੀਆਂ ਫੜੀਆਂ ਉੱਤੇ ਸਬਜੀਆਂ ਅਤੇ ਫਲ ਵੇਚਦੇ ਨਜਰ ਆਉਂਦੇ ਹਨ। ਇਸਦੇ ਨਾਲ ਹੀ ਇਹ ਸਹਿਰ ਅੰਦਰ ਵੱਖ-ਵੱਖ ਤਰ੍ਹਾਂ ਦੇ ਕੰਮ ਧੰਦਿਆਂ ਅੰਦਰ ਵੀ ਪੂਰੀ ਤਰ੍ਹਾਂ ਨਾਲ ਵੜ ਚੁੱਕੇ ਹਨ। ਉਹਨਾਂ ਕਿਹਾ ਕਿ ਪਿਛਲੇ ਦਿਨੀਂ ਟਾਂਡਾ ਹਲਕੇ ਅੰਦਰ ਜਦੋਂ 25 ਦੇ ਕਰੀਬ ਗਊ ਵੰਸ ਨੂੰ ਬਹੁਤ ਬੁਰੀ ਤਰ੍ਹਾਂ ਨਾਲ ਕਤਲ ਕਰ ਕੇ ਉਹਨਾਂ ਦੇ ਸਰੀਰ ਦੇ ਅੰਗ ਖਲਾਰ ਕੇ ਸਹਿਰ ਅਤੇ ਸੂਬੇ ਦਾ ਮਾਹੌਲ ਖਰਾਬ ਕਰਨ ਦੀ ਕੋਸ?ਿਸ ਕੀਤੀ ਗਈ ਸੀ ਤਾਂ ਉਸ ਸਮੇਂ ਵੀ ਇਸ ਕੇਸ ਵਿੱਚ ਫੜੇ ਗਏ ਲਗਭਗ 10 ਦੇ ਕਰੀਬ ਸਾਰੇ ਦੋਸੀ ਹੀ ਪੰਜਾਬ ਤੋਂ ਬਾਹਰ ਦੇ ਸਨ ਅਤੇ ਪੰਜਾਬ ਅੰਦਰ ਗੈਰ ਕਾਨੂੰਨੀ ਤਰੀਕੇ ਨਾਲ ਰਹਿ ਰਹੇ ਸਨ ਜਿਨ੍ਹਾਂ ਨੂੰ ਪੁਲਿਸ ਨੇ ਬਹੁਤ ਮੁਸਕਿਲ ਨਾਲ ਦੂਜੇ ਰਾਜਾਂ ਦੇ ਵਿੱਚੋਂ ਜਾ ਕੇ ਗ੍ਰਿਫਤਾਰ ਕੀਤਾ ਸੀ। ਇਸ ਦੇ ਨਾਲ ਹੀ ਕੁੱਝ ਦਿਨ ਪਹਿਲਾਂ ਅੰਮ੍ਰਿਤਸਰ ਪੁਲਿਸ ਵੱਲੋਂ ਰੇਲਵੇ ਸਟੇਸਨ ਦੇ ਬਾਹਰ ਰਿਹੜੀ ਲਗਾ ਕੇ ਸ?ਿਕੰਜਵੀ ਵੇਚ ਰਹੇ ਦੋ ਪ੍ਰਵਾਸੀਆਂ ਨੂੰ ਗਿਰਫਤਾਰ ਕੀਤਾ ਗਿਆ ਜੋ ਕਿ ਜਸੂਸੀ ਕਰਕੇ ਸਾਰੀ ਜਾਣਕਾਰੀ ਪਾਕਿਸਤਾਨ ਦੀ ਅੱਤਵਾਦੀ ਏਜੰਸੀ ਆਈਐਸਆਈ ਨੂੰ ਭੇਜ ਰਹੇ ਸਨ। ਕੁੱਝ ਦਿਨ ਪਹਿਲਾਂ ਗੁਰਦਾਸਪੁਰ ਪੁਲਿਸ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਰਹਿ ਰਹੇ ਪ੍ਰਵਾਸੀ ਲੋਕਾਂ ਨੂੰ ਗਿਰਫਤਾਰ ਕੀਤਾ ਗਿਆ ਜਿਨ੍ਹਾਂ ਕੋਲੋਂ ਵੱਡੀ ਗਿਣਤੀ ਵਿੱਚ ਗੈਰ ਕਾਨੂੰਨੀ ਹਥਿਆਰ, ਹੈਰੋਇਨ ਅਤੇ ਡਰੱਗਮਨੀ ਵੀ ਵਸੂਲ ਕੀਤੇ ਗਏ। ਇਸ ਤਰ੍ਹਾਂ ਨਾਲ ਹੀ ਪਿਛਲੇ ਦਿਨੀਂ ਮੁਕੇਰੀਆਂ, ਪਠਾਨਕੋਟ ਅਤੇ ਬਟਾਲਾ ਅੰਦਰ ਵੀ ਲਵ ਜਿਹਾਦ ਦੇ ਕੇਸ ਸਾਹਮਣੇ ਆਏ ਹਨ ਅਤੇ ਇਹਨਾਂ ਮਾਮਲਿਆਂ ਵਿੱਚ ਫੜੇ ਗਏ ਦੋਸੀ ਵੀ ਪੰਜਾਬ ਤੋਂ ਬਾਹਰ ਦੇ ਹੀ ਹਨ। ਉਹਨਾਂ ਕਿਹਾ ਕਿ ਇਹਨਾ ਲੋਕਾਂ ਦੀ ਲਗਾਤਾਰ ਵਧ ਰਹੀ ਗਿਣਤੀ ਨਾਲ ਸਹਿਰ ਅਤੇ ਸੂਬੇ ਦੀ ਸਾਂਤੀ ਚਾਹੁਣ ਵਾਲੇ ਅਮਨ ਪਸੰਦ ਸੂਝਵਾਨ ਲੋਕ ਚਿੰਤਾ ਵਿਚ ਹਨ ਕਿ ਕਿਤੇ ਇਹ ਲੋਕ ਸਹਿਰ ਅਤੇ ਪੰਜਾਬ ਦੇ ਸਾਂਤਮਈ ਮਾਹੌਲ ਨੂੰ ਅੱਗ ਨਾ ਲਗਾ ਦੇਣ। ਇਸ ਲਈ ਉਹ ਪ੍ਰਸਾਸਨ ਨੂੰ ਇਹ ਹੀ ਬੇਨਤੀ ਕਰਦੇ ਹਨ ਕਿ ਸਹਿਰ ਦੇ ਅੰਦਰ ਆ ਕੇ ਕਿਰਾਏ ਤੇ ਘਰ ਜਾਂ ਦੁਕਾਨ ਲੈਣ ਵਾਲੇ ਹਰ ਗੈਰ ਪੰਜਾਬੀ ਵਿਅਕਤੀ ਦੀ ਪੂਰੀ ਤਰ੍ਹਾਂ ਨਾਲ ਜਾਂਚ ਪੜਤਾਲ ਕੀਤੀ ਜਾਵੇ ਤਾਂ ਜੋ ਉਨ੍ਹਾਂ ਦੀ ਅਸਲੀ ਨਾਗਰਿਕਤਾ ਅਤੇ ਪਿਛੋਕੜ ਨੂੰ ਜਾਣਿਆ ਜਾ ਸਕੇ ਅਜਿਹਾ ਕੋਈ ਵੀ ਸਬੂਤ ਪੇਸ ਨਾ ਕਰਨ ਵਾਲੇ ਵਿਅਕਤੀਆਂ ਖਿਲਾਫ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸਦੇ ਨਾਲ ਹੀ ਗੈਰ ਪੰਜਾਬੀਆਂ ਨੂੰ ਕਿਰਾਏ ਤੇ ਘਰ ਅਤੇ ਦੁਕਾਨਾਂ ਦੇਣ ਵਾਲੇ ਮਾਲਕਾਂ ਨੂੰ ਵੀ ਕਾਨੂੰਨੀ ਤੌਰ ਤੇ ਪਾਬੰਦ ਕੀਤਾ ਜਾਵੇ ਕਿ ਉਹ ਵੀ ਅਜਿਹੇ ਕਿਰਾਏਦਾਰਾਂ ਦੀ ਪੂਰੀ ਜਾਣਕਾਰੀ ਲੋਕਲ ਪੁਲਿਸ ਪ੍ਰਸਾਸਨ ਨੂੰ ਜਰੂਰ ਦੇਣ ਅਤੇ ਅਜਿਹਾ ਨਾ ਕਰਨ ਵਾਲੇ ਮਾਲਕਾਂ ਖਿਲਾਫ ਵੀ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਤੇ ਸ੍ਰੀ ਗੁਰੂ ਰਵਿਦਾਸ ਸੇਨਾ ਪੰਜਾਬ ਦੇ ਸੂਬਾ ਪ੍ਰਧਾਨ ਸ੍ਰੀ ਦਿਲਵਰ ਸਿੰਘ ਜੀ,ਵਪਾਰ ਮੰਡਲ ਤੋਂ ਜਿਲਾਪ੍ਰਧਾਨ ਗੁਰਚਰਨ ਅਰੋੜਾ ਜੀ, ਜਿਲਾਬਾਰ ਐਸੋਸੀਏਸਨ ਨਵਾਂਸਹਿਰ ਤੋਂ ਵਿਸਾਲ ਸਰਮਾ ਜੀ, ਭਗਵਾਨ ਵਾਲਮੀਕਿ ਸਕਤੀ ਸੇਨਾ ਪੰਜਾਬ ਦੇ ਸੂਬਾ ਪ੍ਰਧਾਨ ਸ੍ਰੀ ਅਜੇ ਕੁਮਾਰ ਐਡਵੋਕੇਟ ਜੀ, ਦੋਆਬਾ ਸੇਵਾ ਸਮਿਤੀ ਤੋਂ ਰਤਨ ਜੈਨ ਜੀ, ਮਹਾਂਵੀਰ ਜੈਨ ਯੁਵਕ ਮੰਡਲ ਤੋਂ ਪੁਨੀਤ ਜੈਨ ਜੀ, ਸ?ਿਵ ਸੈਨਾ ਹਿੰਦ ਤੋਂ ਭਾਰਤੀ ਆਂਗਰਾ ਜੀ, ਕੈਮਿਸਟ ਐਸੋਸੀਏਸਨ ਤੋਂ ਹਰਮੇਸ ਪੁਰੀ ਜੀ, ਜਿਲਾਵਪਾਰ ਮੰਡਲ ਗੁਰਚਰਨ ਅਰੋੜਾ ਜੀ, ਸਵਰਨਕਾਰ ਕਮੇਟੀ ਤੋਂ ਅਕਸੇ ਕੰਡਾ, ਆਰਟ ਆਫ ਲੀਵਿੰਗ ਤੋਂ ਮਨੋਜ ਕੰਡਾ, ਰਾਸਟਰੀ ਸਨਾਤਨ ਧਰਮ ਮੰਚ ਤੋਂ ਦੀਪਕ ਕੁਮਾਰ,ਹੈਂਡੀਕੈਪ ਯੂਨੀਅਨ ਦੇ ਪੰਜਾਬ ਪ੍ਰਧਾਨ ਰਾਜੂ ਕਾਹਮਾ, ਗੁੱਜਰ ਆਰਮੀ ਤੋਂ ਰਾਹੁਲ ਆਦੋਆਣਾ, ਪਾਵਰ ਆਫ ਸੋਸਲ ਯੂਨਿਟੀ ਤੋਂ ਸਿਮਰਨ ਸਿੰਮੀ ਆਦਿ ਮੁੱਖ ਤੌਰ ਤੇ ਸਾਮਿਲ ਹੋਏ।

# ਸਰਹੱਦੀ ਪਿੰਡਾਂ ਦੇ ਲੋਕਾਂ ਲਈ ਮੈਡੀਕਲ ਵੈਨ ਬਣੀ ਵਰਦਾਨ -ਮਰੀਜਾਂ ਦੀ ਜਾਂਚ ਕਰਕੇ ਮੁਫਤ ਦਿੱਤੀ ਜਾ ਰਹੀ ਦਵਾਈ




**ਗੁਰਦਾਸਪੁਰ-ਨਵਨੀਤ ਕੁਮਾਰ**

ਜਨਾਬ ਮੁਹੰਮਦ ਇਸ਼ਫਾਕ, ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਨਿਰਦੇਸ਼ਾਂ ਹੇਠ ਸਰਹੱਦੀ ਪਿੰਡਾਂ ਅੰਦਰ ਲੋਕਾਂ ਨੂੰ ਸਿਹਤ ਸਹੂਲਤਾਂ ਪੁਜਦਾ ਕਰਨ ਲਈ ਮੈਡੀਕਲ ਵੈਨ ਚੱਲ ਰਹੀ ਹੈ, ਜਿਸ ਨਾਲ ਲੋਕਾਂ ਨੂੰ ਬਹੁਤ ਵੱਡੀ ਸਿਹਤ ਸਹੂਲਤ ਮਿਲੀ ਹੈ। ਇਹ ਮੈਡੀਕਲ ਵੈਨ ਰਾਹੀਂ ਰੋਜ਼ਾਨਾ ਡੇਰਾ ਬਾਬਾ ਨਾਨਕ ਬਲਾਕ ਦੇ ਸਰਹੱਦੀ ਤਿੰਨ ਪਿੰਡਾਂ ਵਿਚ ਜਾ ਕੇ ਮਰੀਜਾਂ ਦੀ ਚੈੱਕਅੱਪ ਕਰਕੇ ਮੁਫ਼ਤ ਦਵਾਈ ਵੰਡੀ ਜਾ ਰਹੀ ਹੈ। ਇਸ ਮੌਕੇ ਗੱਲ ਕਰਦਿਆਂ ਰਾਜੀਵ ਸਿੰਘ, ਸੈਕਰਟਰੀ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਗੁਰਦਾਸਪੁਰ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਤੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਅੱਜ ਪਿੰਡ ਪੱਖੋਕੇ ਮਹਿਮਾਰਾਂ ਵਿਖੇ ਸਵੇਰੇ 10 ਵਜੇ ਤੋਂ 12 ਵਜੇ ਤਕ, ਖੋਦੇ ਬੇਟ ਦੁਪਹਿਰ 12.30 ਵਜੇ ਤੋਂ 2.30 ਵਜੇ, ਪੱਤੀ ਹਵੇਲੀਆਂ ਵਿਖੇ ਦੁਪਹਿਰ 3 ਤੋਂ 5 ਵਜੇ ਤਕ ਮੈਡੀਕਲ ਵੈਨ ਪੁਹੰਚੀ ਤੇ ਡਾਕਟਰਾਂ ਵਲੋਂ ਮਰੀਜਾਂ ਦਾ ਚੈੱਕਅੱਪ ਕਰਕੇ ਮੁਫਤ ਦਵਾਈਆਂ ਵੰਡੀਆਂ ਗਈਆਂ। ਮੈਡੀਕਲ ਵੈਨ ਦੀ ਗੱਲ ਕਰਦਿਆਂ ਸਰਹੱਦੀ ਪਿੰਡਾਂ ਦੇ ਲੋਕਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਲੋਕਾਂ ਦੇ ਘਰਾਂ ਤੱਕ ਪੁਹੰਚਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਸਰਾਹਨਾ ਕੀਤੀ। ਉਨਾਂ ਨੇ ਅੱਗੇ ਦੱਸਿਆ ਕਿ ਕੱਲ੍ਹ 11 ਜੂਨ ਨੂੰ ਜੋੜੀਆਂ ਖੁਰਦ ਵਿਖੇ ਸਵੇਰੇ 10 ਵਜੇ ਤੋਂ 12 ਵਜੇ ਤਕ, ਰੱਤਾ ਦੁਪਹਿਰ 12.30 ਵਜੇ ਤੋਂ 2.30 ਵਜੇ, ਠੇਠਰਕੇ ਵਿਖੇ ਦੁਪਹਿਰ 3 ਤੋਂ 5 ਵਜੇ ਤਕ ਮੈਡੀਕਲ ਵੈਨ ਪਹੁੰਚੇਗੀ।

# ਨਾਮ ਸਿਮਰਨ ਅਭਿਆਸ ਭਲਕੇ

**ਲੁਧਿਆਣਾ/ਕਰਨੈਲ ਸਿੰਘ ਐੱਮ.ਏ.**

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ਼ ਬਹਾਦਰ ਨਗਰ, ਗਲੀ ਨੰਬਰ 2, ਚੰਡੀਗੜ੍ਹ ਰੋਡ, ਲੁਧਿਆਣਾ ਵਿਖੇ ਹਫ਼ਤਾਵਾਰੀ ਨਾਮ ਸਿਮਰਨ ਅਭਿਆਸ 12 ਜੂਨ ਦਿਨ ਐਤਵਾਰ ਨੂੰ ਰਾਤ 8 ਵਜੇ ਤੋਂ 9 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਕਰਨੈਲ ਸਿੰਘ ਤੇ ਖ਼ਜ਼ਾਨਚੀ ਸੁਰਜੀਤ ਸਿੰਘ ਖੁਰਾਣਾ ਵੱਲੋਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਵੱਧ ਤੋਂ ਵੱਧ ਹਾਜ਼ਰੀਆਂ ਭਰ ਕੇ ਆਪਣਾ ਜੀਵਨ ਸਫਲ ਕਰਨ ਲਈ ਬੇਨਤੀ ਕੀਤੀ ਜਾਂਦੀ ਹੈ।




ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,

# ਪੰਜਾਬ ਭਰ 'ਚ ਹਜਰਤ ਮੁਹੰਮਦ ਸਾਹਿਬ (ਸ.) ਦੀ ਸਾਨ 'ਚ ਗੁਸਤਾਖੀ ਦੇ ਖਿਲਾਫ ਰੋਸ ਮੁਜਾਹਿਰੇ - ਸਾਨ-ਏ-ਰਸੂਲ 'ਚ ਗੁਸਤਾਖੀ ਹਰਗਿਜ ਬਰਦਾਸ਼ਤ ਨਹੀਂ : ਸਾਹੀ ਇਮਾਮ ਪੰਜਾਬ

**ਲੁਧਿਆਣਾ/ਕਰਨ ਅਗਰਵਾਲ**

ਬੀਤੇ ਦਿਨੀ ਭਾਜਪਾ ਵੱਲੋਂ ਬਾਹਰ ਕੱਢ ਦਿੱਤੇ ਗਏ ਨੂਪੁਰ ਸਰਮਾ ਅਤੇ ਨਵੀਨ ਜਿੰਦਲ ਵੱਲੋਂ ਇਸਲਾਮ ਧਰਮ ਦੇ ਆਖਰੀ ਨਬੀ ਹਜਰਤ ਮੁਹੰਮਦ ਸਾਹਿਬ ਸੱਲਲਾਹੂ ਅਲੈਹਿ ਵਸੱਲਮ ਦੀ ਸਾਨ 'ਚ ਕੀਤੀ ਗਈ ਗੁਸਤਾਖੀ ਤੋਂ ਬਾਅਦ ਦੁਨੀਆ ਭਰ ਦੇ ਮੁਸਲਮਾਨ ਲਗਾਤਾਰ ਆਪਣੀ ਨਰਾਜਗੀ ਦਾ ਇਜਹਾਰ ਕਰ ਰਹੇ ਹਨ, ਪੰਜਾਬ ਭਰ 'ਚ ਵੀ ਸਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਦੇ ਐਲਾਨ 'ਤੇ ਅੱਜ ਸਾਰੇ ਸਹਿਰਾਂ ਅਤੇ ਕਸਬੀਆਂ 'ਚ ਦੋਨਾਂ ਦੋਸੀਆਂ ਦੇ ਖਿਲਾਫ ਰੋਸ ਮੁਜਾਹਿਰੇ ਕਰਕੇ ਭਾਰਤ ਸਰਕਾਰ ਨੂੰ ਉਹਨਾਂ ਦੀ ਗ੍ਰਿਫਤਾਰੀ ਦੀ ਮੰਗ ਕੀਤੀ ਗਈ . ਲੁਧਿਆਣਾ ਦੀ ਇਤਿਹਾਸਿਕ ਜਾਮਾ ਮਸਜਿਦ ਦੇ ਸਾਹਮਣੇ ਵੀ ਅੱਜ ਜੁੰਮੇ ਦੀ ਨਮਾਜ ਤੋਂ ਬਾਅਦ ਮਜਲਿਸ ਅਹਿਰਾਰ ਇਸਲਾਮ ਹਿੰਦ ਵੱਲੋਂ ਜੋਰਦਾਰ ਰੋਸ ਮੁਜਾਹਿਰਾ ਕਰ ਨੂਪੁਰ ਸਰਮਾ ਅਤੇ ਨਵੀਨ ਜਿੰਦਲ ਦਾ ਪੁਤਲਾ ਫੂਕਿਆ ਗਿਆ . ਇਸ ਮੌਕੇ 'ਤੇ ਸੰਬੋਧਨ ਕਰਦੇ ਹੋਏ ਮਜਲਿਸ ਅਹਿਰਾਰ ਇਸਲਾਮ ਹਿੰਦ ਦੇ ਕੌਮੀ ਪ੍ਰਧਾਨ ਅਤੇ ਸਾਹੀ ਇਮਾਮ ਪੰਜਾਬ ਮਲਾਨਾ ਮੁਹੰਮਦ



ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਸਾਨ-ਏ-ਰਸੂਲ ਸਲੱਲਾਹੂ ਅਲੈਹਿ ਵਸੱਲਮ ਦੀ ਕਤਰਾ ਬਰਾਬਰ ਵੀ ਗੁਸਤਾਖੀ ਬਰਦਾਸਤ ਨਹੀਂ ਕੀਤੀ ਜਾ ਸਕਦੀ ਜਦੋ ਕਿ ਇੱਥੇ ਤਾਂ ਭਾਜਪਾ ਵੱਲੋਂ ਬਾਹਰ ਕੱਢੇ ਬੁਲਾਰੇ ਨੂਪੁਰ ਸਰਮਾ ਅਤੇ ਨਵੀਨ ਜਿੰਦਲ ਨੇ ਸਰਮ ਦੀਆਂ ਸਾਰੀਆਂ ਹੱਦਾਂ ਹੀ ਪਾਰ ਕਰ ਦਿੱਤੀਆਂ ਹਨ . ਸਾਹੀ ਇਮਾਮ ਨੇ ਕਿਹਾ ਕਿ ਦੁਨੀਆ ਇਸ ਮਾਮਲੇ 'ਚ ਵੱਖ-ਵੱਖ ਦੇਸਾਂ 'ਚ ਵਾਰ-ਵਾਰ ਮੁਸਲਮਾਨਾਂ ਨੂੰ ਆਜਮਾ ਚੁੱਕੀ ਹੈ ਅਤੇ ਹਰ ਵਾਰ ਇਹ ਸਪੱਸਟ ਹੋਇਆ ਹੈ ਕਿ ਮੁਸਲਮਾਨਾਂ ਨੂੰ ਆਪਣੇ ਨਬੀ ਹਜਰਤ ਮੁਹੰਮਦ ਸਾਹਿਬ ਸਲੱਲਾਹੂ ਅਲੈਹਿ ਵਸੱਲਮ ਦੀ ਸਾਨ ਆਪਣੀ ਜਾਨ, ਮਾਲ ਅਤੇ ਹਰ ਚੀਜ ਨਾਲੋਂ ਜ?ਿਆਦਾ ਪਿਆਰੀ ਹੈ . ਸਾਹੀ ਇਮਾਮ ਪੰਜਾਬ ਮਲਾਨਾ ਉਸਮਾਨ ਨੇ ਕਿਹਾ ਕਿ ਸਰਮ ਦੀ ਗੱਲ ਹੈ ਕਿ ਹੁਣ ਤੱਕ ਦੋਸੀਆਂ ਦੇ ਖਿਲਾਫ ਕਾਨੂੰਨੀ ਕਾਰਵਾਈ ਨਹੀਂ ਕੀਤੀ ਗਈ ਹੈ, ਇਹ ਪੱਖਪਾਤ ਹੈ, ਸਰਕਾਰ ਨੂੰ ਚਾਹੀਦਾ ਹੈ ਕੀ ਆਪਣਾ ਕੰਮ ਨਿਰਪੱਖ ਹੋ ਕੇ ਕਰੇ . ਸਾਹੀ ਇਮਾਮ ਨੇ ਕਿਹਾ ਕਿ ਜੋ ਲੋਕ ਵੀ ਅਜਿਹਾ ਕਰ ਰਹੇ ਹਨ ਅਤੇ ਸਮਝਦੇ ਹਨ ਕਿ ਉਹ ਮੁਸਲਮਾਨਾਂ ਨੂੰ ਡਰਾ ਜਾਂ ਧਮਕਾ ਸਕਦੇ ਹਨ ਤਾਂ ਇਹ ਉਨ੍ਹਾਂ ਦੀ ਬਹੁਤ ਵੱਡੀ ਗਲਤ ਫਹਿਮੀ ਹੈ . ਉਨ੍ਹਾਂ ਨੇ ਕਿਹਾ ਕਿ ਪਿਆਰੇ ਰਸੂਲ ਹਜਰਤ ਮੁਹੰਮਦ ਸਾਹਿਬ ਸਲੱਲਾਹੂ ਅਲੈਹਿ ਵਸੱਲਮ ਨੇ ਸਾਨੂੰ ਪਿਆਰ ਅਤੇ ਸਾਰੀਆਂ ਨੂੰ ਬਰਾਬਰੀ ਅਤੇ ਸਨਮਾਨ ਦੇਣ ਦੀ ਸਿੱਖਿਆ ਦਿੱਤੀ ਹੈ ਜੋ ਗੰਦੀ ਸੋਚ ਅਤੇ ਜੁਬਾਨ ਦੇ ਮਾਲਿਕ ਹਨ ਉਹ ਇਸਲਾਮ ਅਤੇ ਪੈਗੰਬਰ ਮੁਹੰਮਦ ਸਾਹਿਬ ਸਲੱਲਾਹੂ ਅਲੈਹਿ ਵਸੱਲਮ ਦੇ ਖਿਲਾਫ ਨਾਉਜਬਿੱਲਾਹ ਟਿੱਪਣੀ ਕਰਦੇ ਹਨ ਲੇਕਿਨ ਕਦੇ ਵੀ ਕੋਈ ਮੁਸਲਮਾਨ ਕਿਸੇ ਦੇ ਧਰਮ ਦੇ ਖਿਲਾਫ ਕੁੱਝ ਨਹੀਂ ਕਹਿ ਸਕਦਾ ਕਿਉਂਕਿ ਇਹ ਸਾਡੀ ਸੰਸਕ੍ਰਿਤੀ ਦਾ ਹਿੱਸਾ ਨਹੀਂ ਹੈ . ਸਾਹੀ ਇਮਾਮ ਪੰਜਾਬ ਮਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਦੇਸ 'ਚ ਨਫਰਤ ਦੀ ਰਾਜਨੀਤੀ ਲੰਬੀ ਨਹੀਂ ਚੱਲਣ ਵਾਲੀ, ਦੇਸ ਦੇ ਲੋਕ ਇਸ ਨੂੰ ਹਮੇਸਾ ਨਕਾਰਦੇ ਆਏ ਹਨ ਅਤੇ ਨਕਾਰਦੇ ਰਹਿਣਗੇ . ਸਾਹੀ ਇਮਾਮ ਨੇ ਕਿਹਾ ਕਿ ਇਸਲਾਮ ਅਤੇ ਮੁਸਲਮਾਨਾਂ ਦੇ ਖਿਲਾਫ ਝੂਠ ਦਾ ਜਿਨ੍ਹਾਂ ਮਰਜੀ ਪ੍ਰਚਾਰ ਕੀਤਾ ਜਾਵੇ ਇਸਤੋਂ ਸੱਚ ਲੁੱਕਣ ਵਾਲਾ ਨਹੀਂ ਹੈ . ਇਸ ਮੌਕੇ 'ਤੇ ਲੁਧਿਆਣਾ ਦੇ ਮੁਸਲਮਾਨਾਂ ਵੱਲੋਂ ਸਾਹੀ ਇਮਾਮ ਪੰਜਾਬ ਮਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਦੀ ਅਗੁਵਾਈ 'ਚ ਭਾਰਤ ਦੇ ਰਾਸਟਰਪਤੀ ਮਾਣਯੋਗ ਰਾਮਨਾਥ ਕੋਵਿੰਦ ਜੀ ਦੇ ਨਾਮ ਇੱਕ ਮੰਗ ਪੱਤਰ ਲੁਧਿਆਣਾ ਦੇ ਏਡੀਸੀ ਜਰਨਲ ਰਾਹੁਲ ਚੱਬਾ ਨੂੰ ਦਿੱਤਾ ਗਿਆ।

# ਗ੍ਰੇਟਵੇਅ ਇੰਸਟੀਚਿਊਟ ਵੱਲੋਂ ਵੀਜੇ ਲਗਵਾਉਣ ਵਿੱਚ ਇੱਕ ਹੋਰ ਪੁਲਾਂਘ ਪੁੱਟਦੇ ਹੋਏ ਚਾਰ ਨਵੇਂ ਵੀਜੇ ਲਗਾਏ ਗਏ

**ਰਾਏਕੋਟ/ਗੁਰਭਿੰਦਰ ਗੁਰੀ**

ਇਲਾਕੇ ਦੀ ਨਾਮਵਰ ਵਿੱਦਿਅਕ ਖੇਤਰ ਦੀ ਸੰਸਥਾ ਗ੍ਰੇਟਵੇਅ ਇੰਸਟੀਚਿਊਟ ਵੱਲੋਂ ਵੀਜੇ ਲਗਵਾਉਣ ਵਿੱਚ ਇੱਕ ਹੋਰ ਪੁਲਾਂਘ ਪੁੱਟਦੇ ਹੋਏ ਚਾਰ ਨਵੇਂ ਵੀਜੇ ਲਗਾਏ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਡਾਇਰੈਕਟਰ ਨਵਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਪਹਿਲਾਂ ਵੀ ਕੈਨੇਡਾ ਜਾ ਕੇ ਆਪਣੀ ਪੜ੍ਹਾਈ ਕਰਨ ਵਾਲੇ ਬੱਚਿਆਂ ਦੇ ਵੀਜੇ ਲਗਵਾ ਕੇ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਗੁਰਪ੍ਰੀਤ ਕੌਰ ਸਪੁੱਤਰੀ ਇਕਬਾਲ ਸਿੰਘ ਵਾਸੀ ਹਰਦਾਸਪੁਰਾ, ਸੁਮਨਪ੍ਰੀਤ ਕੌਰ ਸਪੁੱਤਰੀ ਜਸਵੀਰ ਸਿੰਘ ਰੁੜਕਾ (ਸੰਦੌੜ) ਸਮੇਤ ਦੋ ਹੋਰ ਬੱਚਿਆਂ ਦੇ ਕੈਨੇਡਾ ਦੇ ਸਟੱਡੀ ਵੀਜੇ ਆਏ ਹਨ। ਨਵਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਆਈਲੈਟਸ ਦੀ ਤਿਆਰੀ ਬਹੁਤ ਹੀ ਸੁਚੱਜੇ ਤਰੀਕੇ ਨਾਲ ਤਜੁਰਬੇਕਾਰ ਸਟਾਫ ਤੋਂ ਕਰਵਾਈ ਜਾਂਦੀ ਹੈ। ਇਸ ਮੌਕੇ ਗੁਰਪ੍ਰੀਤ ਕੌਰ ਅਤੇ ਸੁਮਨਪ੍ਰੀਤ ਕੌਰ ਨੇ ਆਪਣੀ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਗ੍ਰੇਟਵੇਅ ਇੰਸਟੀਚਿਊਟ ਅਤੇ ਸਮੁੱਚੇ ਸਟਾਫ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਸਦਕਾ ਉਹ ਕੈਨੇਡਾ ਵਿਖੇ ਜਾ ਕੇ ਆਪਣੀ ਪੜ੍ਹਾਈ ਕਰਨ ਦਾ ਸੁਪਨਾ ਪੂਰਾ ਹੋ ਸਕਿਆ ਹੈ।



# ਸੂਬੇ ਦੇ ਸਾਰੇ ਸਹਿਰਾਂ 'ਚ ਹੋਏ ਰੋਸ ਮੁਜਾਹਿਰੇ

**ਲੁਧਿਆਣਾ/ਰਾਜੇਸ਼ ਅਗਰਵਾਲ**

ਪੰਜਾਬ ਦੇ ਦੀਨੀ ਮਰਕਜ ਜਾਮਾ ਮਸਜਿਦ ਲੁਧਿਆਣਾ ਵੱਲੋਂ ਜਾਰੀ ਪ੍ਰੈਸ ਰਿਲੀਜ ਦੇ ਮੁਤਾਬਿਕ ਪੰਜਾਬ ਭਰ 'ਚ ਮਾਲੇਰਕੋਟਲਾ, ਲੁਧਿਆਣਾ ਸਮੇਤ ਇੱਕ ਸੌ ਤੋਂ ਜਿਆਦਾ ਥਾਵਾਂ 'ਤੇ ਭਾਜਪਾ ਤੋਂ ਬਾਹਰ ਕੱਢੇ ਗਏ ਬੁਲਾਰੇ ਨੂਪੁਰ ਸਰਮਾ ਅਤੇ ਨਵੀਨ ਜਿੰਦਲ ਦੇ ਖਿਲਾਫ ਕਾਨੂੰਨੀ ਕਾਰਵਾਈ ਦੀ ਮੰਗ ਨੂੰ ਲੈ ਕੇ ਪੁਤਲੇ ਫੂਕ ਕੇ ਰੋਸ ਮੁਜਾਹਿਰੇ ਕੀਤੇ ਗਏ, ਜਿਨ੍ਹਾਂ 'ਚ ਜਾਮਾ ਮਸਜਿਦ ਅੰਮ੍ਰਿਤਸਰ, ਫਗਵਾੜਾ ਗਊਸਾਲਾ ਰੋਡ, ਜਲੰਧਰ, ਨਵਾਂਸਹਿਰ, ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਕਪੂਰਥਲਾ, ਕਰਤਾਰਪੁਰ, ਨਕੋਦਰ, ਹੁਸ?ਿਆਰਪੁਰ, ਮੁਕੇਰੀਆਂ, ਦਸੂਆ, ਰੂਪਨਗਰ, ਮੋਹਾਲੀ, ਮੋਰਿੰਡਾ, ਖਰੜ, ਡੇਰਾਬੱਸੀ, ਬਨੂੜ, ਰਾਜਪੁਰਾ, ਪਟਿਆਲਾ, ਨਾਭਾ, ਸੁਨਾਮ, ਖਨੌਰੀ, ਦਿੜਬਾ, ਪਾਤੜਾ, ਸੰਗਰੂਰ, ਧੂਰੀ, ਅਹਿਮਦਗੜ, ਅਮਰਗੜ, ਫਤਿਹਗੜ ਸਾਹਿਬ, ਅਮਲੋਹ, ਗੋਬਿੰਦਗੜ, ਖੰਨਾ, ਸਮਰਾਲਾ, ਜਗਰਾਓ, ਮੋਗਾ, ਅਜੀਤਵਾਲ, ਬਰਨਾਲਾ, ਬਠਿੰਡਾ, ਮੁਕਤਸਰ, ਫਿਰੋਜਪੁਰ, ਅਬੋਹਰ, ਮਾਨਸਾ, ਬੁਢਲਾਡਾ, ਭਵਾਨੀਗੜ, ਘੰਨੌਰ, ਸਾਹਨੇਵਾਲ, ਆਨੰਦਪੁਰ ਸਾਹਿਬ ਦੀਆਂ ਮਸਜਿਦਾਂ ਤੋਂ ਅਲਾਵਾ ਲੁਧਿਆਣਾ ਦੀਆਂ ਵੀ ਸਾਰੀਆਂ ਮਸਜਿਦਾਂ ਜਿਕਰਯੋਗ ਹਨ।




# ਕਹਿਰ ਦੀ ਗਰਮੀ ਤੋਂ ਬਚਣ ਲਈ ਸਾਵਧਾਨੀਆਂ ਦੀ ਪਾਲਣਾ ਕੀਤੀ ਜਾਵੇ - ਡਾ. ਸੁਖਦੀਪ ਭਾਗੋਵਾਲੀਆ

**ਬਟਾਲਾ/ਸੁਖਨਾਮ ਸਿੰਘ**

ਪੂਰੇ ਸੂਬੇ ਵਿੱਚ ਪਿਛਲੇ ਹਫਤੇ ਤੋਂ ਲਗਾਤਾਰ ਗਰਮੀ ਵਧਦੀ ਜਾ ਰਹੀ ਹੈ। ਤਾਪਮਾਨ 44-45 ਡਿਗਰੀ ਦੇ ਆਸ-ਪਾਸ ਰਹਿੰਦਾ ਹੈ। ਜੋ ਕਿ ਆਮ ਨਾਲੋਂ ਵੱਧ ਗਰਮੀ ਪੈਣ ਦਾ ਸੂਚਕ ਹੈ। ਅਜਿਹੇ ਵਿੱਚ ਹਰ ਵਿਅਕਤੀ ਨੂੰ ਆਪਣੀ ਸਿਹਤ ਦਾ ਖਿਆਲ ਰੱਖਦੇ ਹੋਏ ਗਰਮੀ ਤੋਂ ਬਚਣ ਲਈ ਜਰੂਰੀ ਸਾਵਧਾਨੀਆਂ ਜਰੂਰ ਵਰਤਣੀਆਂ ਚਾਹੀਦੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਮਾਤਾ ਸੁਲੱਖਣੀ ਜੀ ਸਿਵਲ ਹਸਪਤਾਲ ਬਟਾਲਾ ਵਿੱਚ ਤਾਇਨਾਤ ਮੈਡੀਸਨ ਦੇ ਮਾਹਿਰ ਡਾਕਟਰ ਸੁਖਦੀਪ ਸਿੰਘ ਭਾਗੋਵਾਲੀਆ ਨੇ ਦੱਸਿਆ ਕਿ ਅੱਤ ਦੀ ਗਰਮੀ ਦੇ ਮੌਸਮ ਵਿੱਚ ਹੀਟ ਸਟ੍ਰੋਕ ਦਾ ਖ਼ਤਰਾ ਵੱਧ ਜਾਂਦਾ ਹੈ ਅਤੇ ਲੂ ਵੀ ਲੱਗ ਸਕਦੀ ਹੈ। ਉਨ੍ਹਾਂ ਦੱਸਿਆ ਕਿ ਗਰਮੀ ਦੇ ਮੌਸਮ ਵਿਚ ਜੇ ਘਰ ਤੋਂ ਬਾਹਰ ਗਰਮੀ ਕਰਕੇ ਪਿੱਤ ਹੋ ਜਾਵੇ ਜਾਂ ਚੱਕਰ ਆਉਣ ਲੱਗ ਜਾਣ, ਜਾਂ ਬਹੁਤ ਜ਼ਿਆਦਾ ਪਸੀਨਾ ਆਉਂਦਾ ਹੋਵੇ ਤੇ ਥਕਾਵਟ ਮਹਿਸੂਸ ਹੋਵੇ, ਸਿਰ ਦਰਦ ਹੁੰਦਾ ਹੋਵੇ ਜਾਂ ਉਲਟੀਆਂ ਆਉਣ ਲੱਗ ਜਾਣ, ਜਾਂ ਫਿਰ ਗਰਮੀ ਦੇ ਬਾਵਜੂਦ ਪਸੀਨਾ ਘੱਟ ਆਉਣਾ, ਚਮੜੀ ਦਾ ਲਾਲ ਗਰਮ ਤੇ ਖੁਸ਼ਕ ਹੋਣਾ, ਚੱਕਰ ਆਉਣੇ ਤੇ ਜੀ ਕੱਚਾ ਹੋਣਾ, ਜੇ ਉਪਰੋਕਤ ਨਿਸ਼ਾਨੀਆਂ ਹੋਣ ਤਾਂ ਲੂ ਲੱਗਣ ਦਾ ਖਦਸ਼ਾ ਹੋ ਸਕਦਾ ਹੈ। ਇਸ ਲਈ ਤੁਰੰਤ ਨਜਦੀਕੀ ਸਰਕਾਰੀ ਹਸਪਤਾਲ ਨਾਲ ਰਾਬਤਾ ਕਾਇਮ ਕੀਤਾ ਜਾਵੇ ਜਾਂ 108 ਤੇ ਕਾਲ ਕੀਤੀ ਜਾਵੇ ਕਿਸੇ ਵੀ ਐਮਰਜੈਂਸੀ ਦੀ ਹਾਲਤ ਵਿਚ। ਡਾ. ਸੁਖਦੀਪ ਸਿੰਘ ਭਾਗੋਵਾਲ ਨੇ ਅੱਗੇ ਦੱਸਿਆ ਕਿ ਗਰਮੀ ਤੋ ਬਚਾਓ ਲਈ ਪਾਣੀ ਜ਼ਿਆਦਾ ਪੀਣਾ ਚਾਹੀਦਾ ਹੈ ਤੇ ਨਾਲ ਲੱਸੀ ਜਾ ਹੋਰ ਤਰਲ ਪਦਾਰਥਾਂ ਦਾ ਸੇਵਨ ਕਰਦੇ ਰਹਿਣਾ ਚਾਹੀਦਾ ਹੈ। ਸਿੱਧੀ ਧੁੱਪ ਵਿਚ ਜਾਣ ਤੋਂ ਗੁਰੇਜ਼ ਕੀਤਾ ਜਾਵੇ। ਠੰਡੀ ਜਗ੍ਹਾ 'ਤੇ ਬੈਠੋ। ਕੱਪੜੇ ਹਲਕੇ ਰੰਗਾਂ ਦੇ ਪਾਏ ਜਾਣ ਤੇ ਬਿਨਾਂ ਜਰੂਰਤ ਤੋ ਘਰ ਤੋਂ ਬਾਹਰ ਨਾ ਨਿਕਲਿਆ ਜਾਵੇ ਖਾਸ ਕਰਕੇ 12 ਵਜੇ ਤੋਂ ਲੈ ਕੇ ਸ਼ਾਮ 3 ਵਜੇ ਤੱਕ। ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਮਾਵਾਂ ਨੂੰ ਗਰਮੀ ਲੱਗਣ ਦਾ ਖ਼ਤਰਾ ਜਿਆਦਾ ਹੁੰਦਾ ਹੈ, ਇਸ ਲਈ ਉਨ੍ਹਾਂ ਨੂੰ ਹੋਰ ਵੀ ਅਹਿਤਿਆਤ ਵਰਤਣ ਦੀ ਲੋੜ ਹੈ। ਡਾ. ਭਾਗੋਵਾਲ ਨੇ ਅਪੀਲ ਕਰਦਿਆਂ ਕਿਹਾ ਕਿ ਸਾਡੀ ਸਿਹਤ ਦਾ ਖਿਆਲ ਰੱਖਣਾ ਸਾਡੀ ਨਿੱਜੀ ਜ਼ਿੰਮੇਵਾਰੀ ਹੈ।



# ਬੀਬਾ ਕਮਲਦੀਪ ਕੌਰ ਰਾਜੋਆਣਾ ਨੂੰ ਲੋਕ ਸਭਾ ਲਈ ਚੁਣ ਕੇ ਬੰਦੀ ਸਿੰਘਾਂ ਨੂੰ ਪਰਿਵਾਰਾਂ ਨਾਲ ਮਿਲਾਉਣ ਦਾ ਮੌਕਾ ਦੇਣ ਪੰਜਾਬੀ : ਸੁਖਬੀਰ ਸਿੰਘ ਬਾਦਲ

**ਸੰਗਰੂਰ/ਕਰਨਪ੍ਰੀਤ ਧੰਦਰਾਲ**

ਲੋਕ ਸਭ ਹਲਕਾ ਸੰਗਰੂਰ ਤੋਂ ਅਕਾਲੀ ਦਲ ਤੇ ਬਸਪਾ ਗਠਜੋੜ ਦੇ ਉਮੀਦਵਾਰ ਬੀਬਾ ਕਮਲਦੀਪ ਕੌਰ ਰਾਜੋਆਣਾ ਦੀ ਚੋਣ ਮੁਹਿੰਮ ਤਹਿਤ ਭਦੌੜ, ਬਰਨਾਲਾ, ਮਹਿਲ ਕਲਾਂ ਤੇ ਮਾਲੇਰਕੋਟਲ ਵਿਚ ਵਰਕਰ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਮਤਭੇਦ ਭੁਲਾ ਕੇ ਪਿਛਲੇ ਦੋ ਦਹਾਕਿਆਂ ਤੋਂ ਜੇਲ੍ਹਾਂ ਵਿਚ ਬੰਦ ਬੰਦੀ ਸਿੰਘਾਂ ਨੂੰ ਉਹਨਾਂ ਦੇ ਪਰਿਵਾਰਾਂ ਨਾਲ ਮਿਲਣ ਦਾ ਮੌਕਾ ਦੇਣ।



ਉਹਨਾਂ ਕਿਹਾ ਕਿ ਅਕਾਲੀ ਦਲ ਨੇ ਫੈਸਲਾ ਕੀਤਾ ਕਿ ਉਹ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਵੱਲੋਂ ਬੰਦੀ ਸਿੰਘਾਂ ਦੇ ਪਰਿਵਾਰਾਂ ਵਿਚੋਂ ਉਮੀਦਵਾਰ ਖੜ੍ਹਾ ਕਰਨ ਦੇ ਹੁਕਮ ਨੂੰ ਮੰਨੇਗਾ ਤਾਂ ਜੋ ਉਹਨਾਂ ਦੀ ਰਿਹਾਈ ਵਾਸਤੇ ਮਜ਼ਬੂਤ ਸੰਦੇਸ਼ ਜਾਵੇ ਕਿਉਂਕਿ ਉਹ ਉਮਰ ਕੈਦਾਂ ਪੂਰੀਆਂ ਕਰਨ ਦੇ ਬਾਵਜੂਦ ਲੰਬੇ ਸਮੇਂ ਤੋਂ ਜੇਲ੍ਹਾਂ ਵਿਚ ਬੰਦ ਹਨ। ਉਹਨਾਂ ਕਿਹਾ ਕਿ ਬੀਬਾ ਕਮਲਦੀਪ ਕੌਰ ਰਾਜੋਆਣਾ ਅਕਾਲੀ ਦਲ ਤੇ ਬਸਪਾ ਗਠਜੋੜ ਦੇ ਨਾਲ ਨਾਲ ਪੰਥਕ ਜਥੇਬੰਦੀਆਂ ਦੇ ਵੀ ਸਾਂਝੇ ਉਮੀਦਵਾਰ ਹਨ। ਸੁਖਬੀਰ ਸਿੰਘ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਚੋਣ ਬੰਦੀ ਸਿੰਘਾਂ ਤੇ ਉਹਨਾਂ ਦੇ ਪਰਿਵਾਰਾਂ ਦੀ ਜ਼ਿੰਦਗੀ ਬਦਲ ਦੇਵੇਗੀ। ਉਹਨਾਂ ਨੇ ਹਰੇਕ ਨੂੰ ਅਪੀਲ ਕੀਤੀ ਕਿ ਉਹ ਬੀਬਾ ਰਾਜੋਆਦਾ ਦੀ ਉਮੀਦਵਾਰੀ ਦੀ ਹਮਾਇਤ ਕਰਨ ਲਈ ਡੱਟ ਕੇ ਅੱਗੇ ਆਉਣ।

ਉਹਨਾਂ ਇਹ ਵੀ ਦੱਸਿਆ ਕਿ ਉਹ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਨੂੰ ਮਿਲੇ ਸਨ ਤੇ ਉਹਨਾਂ ਨੂੰ ਅਪੀਲ ਕੀਤੀ ਸੀ ਕਿ ਬੰਦੀ ਸਿੰਘਾਂ ਦੇ ਪਰਿਵਾਰਾਂ ਵਿਚੋਂ ਸਾਂਝਾ ਉਮੀਦਵਾਰ ਬਣਾਈਏ। ਸਰਦਾਰ ਮਾਨ ਨੂੰ ਇਹ ਵੀ ਆਖਿਆ ਸੀ ਕਿ 2024 ਦੀਆਂ ਪਾਰਲੀਮਾਨੀ ਚੋਣਾਂ ਵਿਚ ਅਕਾਲੀ ਦਲ ਉਹਨਾਂ ਦੀ ਉਮੀਦਵਾਰੀ ਦੀ ਹਮਾਇਤ ਕਰੇਗਾ ਤੇ ਉਹਨਾਂ ਨੂੰ ਬੰਦੀ ਸਿੰਘਾਂ ਦੇ ਪਰਿਵਾਰਾਂ ਵਿਚੋਂ ਸਾਂਝਾ ਉਮੀਦਵਾਰ ਖੜ੍ਹਾ ਕਰਨ ਦੇ ਯਤਨਾਂ ਦਾ ਹਿੱਸਾ ਬਣਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਨੇ ਇਹ ਬੇਨਤੀ ਨਹੀਂ ਮੰਨੀ।

ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਕਿਵੇਂ ਅਕਾਲੀ ਦਲ ਹਮੇਸ਼ਾ ਬੰਦੀ ਸਿੰਘਾਂ ਦੇ ਨਾਲ ਡੱਟਿਆ ਹੈ। ਉਹਨਾਂ ਕਿਹਾ ਕਿ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਮੁੱਖ ਮੰਤਰੀ ਹੁੰਦਿਆਂ ਸਖ਼ਤ ਸਟੈਂਡ ਲੈ ਕੇ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਫਾਂਸੀ ਲਾਉਣ ਤੋਂ ਰੋਕਿਆ। ਇਸੇ ਤਰੀਕੇ ਅਕਾਲੀ ਦਲ ਨੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਸਜ਼ਾ ਮੁਆਫ ਕਰਵਾਉਣ ਵਿਚ ਅਹਿਮ ਰੋਲ ਅਦਾ ਕੀਤਾ ਤੇ ਉਹਨਾਂ ਦੀ ਪੈਰੋਲ ਵੀ ਯਕੀਨੀ ਬਣਾਈ। ਉਹਨਾਂ ਕਿਹਾ ਕਿ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਸਜ਼ਾ ਮੁਆਫ ਹੋਣ ਤੇ ਉਹਨਾਂ ਦੀ ਰਿਹਾਈ ਵਾਸਤੇ ਹਰ ਪਾਸੋਂ ਕਲੀਅਰੰਸ ਮਿਲਣ ਤੋਂ ਬਾਅਦ ਵੀ ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਨੇ ਪਿਛਲੇ 7 ਮਹੀਨਿਆਂ ਵਿਚ ਉਹਨਾਂ ਦੀ ਰਿਹਾਈ ਦੇ ਕਾਗਜ਼ਾਂ 'ਤੇ ਹਸਤਾਖ਼ਰ ਨਹੀਂ ਕੀਤੇ।

ਇਸਤਰੀ ਅਕਾਲੀ ਦਲ ਆਗੂਆਂ ਦੀ ਗੈਰਹਾਜਰੀ ਬਣੀ ਚਰਚਾ ਦਾ ਵਿਸ਼ਾ ਬਣੀ ਜਿਕਰਯੋਗ ਹੈ ਕਿ ਸੰਗਰੂਰ ਤੋਂ ਲੋਕ ਸਭਾ ਤੋਂ ਜਿਮਨੀ ਚੋਣ ਲਈ ਬੀਬਾ ਕਮਲਦੀਪ ਕੌਰ ਰਾਜੋਆਣਾ ਖੁਦ ਇਕ ਇਸਤਰੀ ਹਨ ਪਰੰਤੂ ਸਾਰੇ ਸਮਾਗਮਾਂ ਵਿੱਚ ਇਸਤਰੀ ਅਕਾਲੀ ਦਲ ਆਗੂਆਂ ਦੀ ਗੈਰਹਾਜਰੀ ਚਰਚਾ ਦਾ ਵਿਸ਼ਾ ਬਣੀ ਰਹੀ ਭਰੋਸੇਯੋਗ ਸੂਤਰਾਂ ਤਹਿਤ ਪਿਛਲੇ ਮਹੀਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਬਰਨਾਲਾ ਵਿਧਾਨ ਸਭਾ ਹਲਕਿਆਂ ਦੇ ਅਹੁਦੇਦਾਰ ਸੱਦੇ ਸਨ ਪਰੰਤੂ ਹਲਕਾ ਆਗੂਆਂ ਵਲੋਂ ਇਸਤਰੀ ਅਕਾਲੀ ਦਲ ਨੂੰ ਅਣਗੌਲਿਆ ਕੀਤਾ ਗਿਆ ਜਿਸ ਤੋਂ ਖਫਾ ਹੋ ਕੇ ਇਸਤਰੀ ਅਕਾਲੀ ਦਲ ਦੀਆਂ ਬੀਬੀਆਂ ਘਰਾਂ ਚ ਚੁੱਪ ਬੈਠੀਆਂ ਹਨ ਜਿਸ ਦਾ ਖਾਮਿਆਜਾ ਜਿਮਨੀ ਚੋਣ ਵਿੱਚ ਭੁਗਤਣਾ ਪੈ ਸਕਦਾ। ਇਸਤਰੀ ਅਕਾਲੀ ਦਲ ਦੇ ਜਿਲੇ ਵਿੱਚ 8 ਸਨਮਾਨਯੋਗ ਅਹੁਦੇ ਹਨ ਜਿਹਨਾਂ ਵਿੱਚ ਇਕ ਸਹਿਰੀ ਤੇ ਇਕ ਪੇਂਡੂ ਖੇਤਰ ਦੇ 2 ਸਰਕਲ ਪ੍ਰਧਾਨ,2 ਜਥੇਬੰਦਕ ਸਕੱਤਰ,4 ਮੀਤ ਪ੍ਰਧਾਨ,ਸਾਰੇ ਅਹੁਦੇਦਾਰ ਗੈਰਹਾਜਰ ਸਨ !

# ਅਕਾਲੀ ਦਲ ਤੇ ਕਾਂਗਰਸ ਨੂੰ ਨੂੰ ਵੱਡਾ ਝਟਕਾ,ਸਿਖਿਆ ਅਤੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ,ਰਾਹੀਂ ਟਕਸਾਲੀ ਆਗੂ ਬਿੰਦਰ ਸਿੰਘ ਸੰਧੂ ,ਰਾਜੀਵ ਗੁਪਤਾ ਲੁਬੀ ਨੇ ਆਪ ਦਾ ਪੱਲਾ ਫੜਿਆ



**ਸੰਗਰੂਰ/ਕਰਨਪ੍ਰੀਤ ਧੰਦਰਾਲ**



ਲੋਕ ਸਭਾ ਹਲਕਾ ਸੰਗਰੂਰ ਤੋਂ ਜਿਮਨੀ ਚੋਣ ਦੇ ਮਧੇਨਜਰ ਅਕਾਲੀ ਦਲ ਤੇ ਕਾਂਗਰਸ ਨੂੰ ਨੂੰ ਵੱਡਾ ਝਟਕਾ ਦਿੰਦਿਆਂ ਆਮ ਆਦਮੀ ਪਾਰਟੀ ਦੇ ਸਿਖਿਆ ਅਤੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ,ਜਿਲਾ ਪ੍ਰਧਾਨ ਗੁਰਦੀਪ ਸਿੰਘ ਬਾਠ ਦੀ ਅਗਵਾਈ ਹੇਠ ਅਕਾਲੀ ਦਲ ਦੇ ਟਕਸਾਲੀ ਆਗੂ ਬਿੰਦਰ ਸਿੰਘ ਸੰਧੂ ,ਅਤੇ ਅਕਾਲੀਦਲ ਤੋਂ ਬਾਅਦ ਕਾਂਗਰਸ ਚ ਆਏ ਰਾਜੀਵ ਗੁਪਤਾ ਲੁਬੀ ਨੇ ਆਪ ਦਾ ਪੱਲਾ ਫੜ ਲਿਆ ਹੈ ! ਇਸ ਤੋਂ ਇਲਾਵਾ ਗੁਰਨੈਬ ਸੰਧੂ ਗੁਰਵਿੰਦਰ ਸਿੰਘ ਅਮਨਦੀਪ ਸਿੰਘ ਗੁਰਜੀਤ ਸਿੰਘ ਗਗਨਦੀਪ ਸਿੰਘ ਵਾਰਡ ਨੰਬਰ 31 ਵਿੱਚੋਂ ਆਮ ਆਦਮੀ ਪਾਰਟੀ ਦੀਆਂ ਵਿਕਾਸਕਾਰੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸਾਮਲ ਹੋਏ।

# ਆਰ ਟੀ ਏ ਦਫ਼ਤਰ ਟੈਸਟ ਦੇਣ ਆਏ ਲੋਕ ਸਿਸਟਮ ਦੀ ਖਰਾਬੀ ਕਾਰਨ ਹੋਏ ਪਰੇਸ਼ਾਨ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ ਰਾਜਾ ਕੋਟਲੀ**

ਅੰਮ੍ਰਿਤਸਰ ਸਥਿਤ ਆਰ ਟੀ ਏ ਦਫ਼ਤਰ ਵਿਚ ਸਿਸਟਮ ਦੀ ਟੈਕਨੀਕਲ ਖਰਾਬੀ ਕਾਰਨ ਡਰਾਈਵਿੰਗ ਟੈਸਟ ਦੇਣ ਆਏ ਲੋਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।ਪੱਤਰਕਾਰਾਂ ਦੀ ਟੀਮ ਨੂੰ ਲੋਕਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਦੱਸਿਆ ਗਿਆ ਕਿ ਉਹ ਆਪੋ ਆਪਣੇ ਪਿੰਡਾਂ ਕਸਬਿਆਂ ਅਤੇ ਸ਼ਹਿਰ ਵਿਚੋਂ ਮਿਲੀ ਡਰਾਈਵਿੰਗ ਟੈਸਟ ਦੀ ਤਾਰੀਕ ਮੁਤਾਬਕ ਆਪਣੇ ਵਹੀਕਲਾਂ ਤੇ ਦਫ਼ਤਰ ਪਹੁੰਚੇ ਸਨ।ਪਰ ਕੁਝ ਕੁ ਟੈਸਟਾਂ ਮਗਰੋਂ ਸਿਸਟਮ ਵਿਚ ਬਾਕੀ ਅਪਵਾਇੰਟਮੈਂਟਾਂ ਅਗਲੀਆਂ ਡੇਟਾਂ ਵਿਚ ਸ਼ੋ ਹੋਣ ਲੱਗ ਪਈਆਂ। ਲੋਕਾਂ ਵਿਚ ਬੜੀ ਨਿਰਾਸ਼ਤਾ ਪਾਈ ਗਈ ਕਿਉਂਕਿ ਲੋਕ ਕਿ ਲੋਕ ਦੂਰ ਦੁਰਾਡੇ ਤੋਂ ਭਾਰੀ ਗਰਮੀ ਵਿਚ ਚਲ ਕੇ ਟੈਸਟ ਦੇਣ ਆਏ ਸਨ।ਜਸਵੰਤ ਸਿੰਘ ਪੁੱਤਰ ਪਲਵਿੰਦਰ ਸਿੰਘ ਅੰਮ੍ਰਿਤਸਰ ਨੇ ਕਿਹਾ ਕਿ ਉਹ ਮਿਲੀ ਤਾਰੀਕ ਅਨੁਸਾਰ ਆਪਣੀ ਵਿਦੇਸ਼ ਵਾਪਸ ਜਾਣ ਦੀ ਟਿਕਟ ਵੀ ਬੁੱਕ ਕਰਾ ਚੁੱਕੇ ਹਨ।ਇਸ ਸਬੰਧੀ ਜਦੋਂ ਆਰ ਟੀ ਦਫ਼ਤਰ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਤਾਂ ਉਨਾਂ ਦੱਸਿਆ ਕਿ ਸਿਸਟਮ ਵਿਚ ਟੈਕਨੀਕਲ ਖਰਾਬੀ ਆਉਣ ਕਰਕੇ ਇਹ ਹੋਇਆ ਹੈ।ਅਤੇ ਉਨਾਂ ਵੱਲੋਂ ਇਸ ਸਬੰਧੀ ਉਚ ਅਧਿਕਾਰੀਆਂ ਨੂੰ ਮੇਲ ਰਾਹੀਂ ਜਾਣੂੰ ਕਰਾਉਣ ਤੋਂ ਬਾਅਦ ਐਨ ਆਈ ਸੀ ਅਤੇ ਆਰ ਟੀ ਏ ਵੱਲੋਂ ਰੀਸ਼ਡਿਊਲ ਹੋਏ 23 ਟੈਸਟਾਂ ਨੂੰ ਦੁਬਾਰਾ 13,15,16, ਜੂਨ ਟੈਸਟ ਦੇਣ ਦੀਆਂ ਤਾਰੀਕਾਂ ਮਿਲਣ ਤੇ ਲੋਕਾਂ ਵੱਲੋਂ ਸਹਿਮਤੀ ਪ੍ਰਗਟਾਈ ਗਈ ਅਤੇ ਆਰ ਟੀ ਏ ਦਫ਼ਤਰ ਅਤੇ ਉੱਚ ਅਧਿਕਾਰੀਆਂ ਦਾ ਚੰਗੀ ਡੀਲ ਲਈ ਧੰਨਵਾਦ ਕੀਤਾ ਗਿਆ।

# ਸੰਤ ਡੇ ਬੋਰਡਿੰਗ ਸੀਨੀਅਰ ਸੈਕੰਡਰੀ ਸਕੂਲ ਜੰਡਿਆਲਾ ਗੁਰੂ ਦਾ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ




**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਸੰਤ ਡੇ ਬੋਰਡਿੰਗ ਸੀਨੀਅਰ ਸੈਕੰਡਰੀ ਸਕੂਲ ਜੰਡਿਆਲਾ ਗੁਰੂ ਦਾ ਅੱਠਵੀਂ ਜਮਾਤ ਦਾ ਨਤੀਜਾ ਹਰ ਸਾਲ ਦੀ ਤਰਾਂ ਇਸ ਵਾਰ ਵੀ ਸ਼ਾਨਦਾਰ ਰਿਹਾ।ਸਕੂਲ ਦੀ ਵਿਦਿਆਰਥਣ ਤਨਵੀਰ ਕੌਰ ਨੇ 95 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਦਰਜਾ, ਮਹਿਕਪਰੀਤ ਕੌਰ, ਅਵਨੀਤ ਕੌਰ ਅਤੇ ਜਸਲੀਨ ਕੌਰ ਨੇ 94 ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ, ਹਰਕਿਰਨ ਕੌਰ, ਸਪਨਾ ਅਤੇ ਹਰਸ਼ਦੀਪ ਕੌਰ ਨੇ 93 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ ਬਾਕੀ ਸਾਰੇ ਵਿਦਿਆਰਥੀਆਂ ਨੇ 85 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ।ਇਸ ਮੌਕੇ ਸਕੂਲ ਦੇ ਪ੍ਰੈਜੀਡੈਂਟ ਅਮੋਲਕ ਸਿੰਘ ਅਤੇ ਪ੍ਰਿੰਸੀਪਲ ਹਰਜੀਤ ਕੌਰ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੰਦਿਆਂ ਕਿਹਾ ਕਿ ਇਹ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਅਣਥੱਕ ਮਿਹਨਤ ਸਦਕਾ ਹੀ ਸੰਭਵ ਹੋ ਸਕਿਆ ਹੈ।ਇੰਚਾਰਜ ਮੈਡਮ ਅਨੂ ਬਜਾਜ ਅਤੇ ਸਾਰੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਭਵਿੱਖ ਲਈ ਅਜਿਹੇ ਹੋਣਹਾਰ ਅਤੇ ਮਿਹਨਤੀ ਵਿਦਿਆਰਥੀ ਤਿਆਰ ਕੀਤੇ ਜਾਣ।